# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਪੀ.ਏ.ਯੂ. ਕਿਸਾਨ ਕਲੱਬ ਦੇ ਕਿਸਾਨਾਂ ਨੇ ਵਾਈਸ ਚਾਂਸਲਰ ਦੇ ਕਾਰਜ ਵਾਧੇ ਲਈ ਸਰਕਾਰ ਨੂੰ ਅਪੀਲ ਕੀਤੀ

### ਮਾਸਿਕ ਮੀਟਿੰਗ ਦੌਰਾਨ ਯੂਨੀਵਰਸਿਟੀ ਉੱਚ ਅਧਿਕਾਰੀਆਂ ਅਤੇ ਮਾਹਿਰਾਂ ਨੇ ਕਿਸਾਨਾਂ ਨੂੰ ਸਿੱਖਿਅਤ ਕੀਤਾ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 7 ਅਗਸਤ : ਪੀ.ਏ.ਯੂ. ਦੇ ਡਾਇਰੈਕੋਰੇਟ ਪਸਾਰ ਸਿੱਖਿਆ ਦੀ ਅਗਵਾਈ ਵਿਚ ਹਰ ਮਹੀਨੇ ਕਰਵਾਈ ਜਾਂਦੀ ਕਿਸਾਨ ਕਲੱਬ ਦੀ ਮੀਟਿੰਗ ਇਸ ਵਾਰ ਵਿਸ਼ੇਸ਼ ਤੌਰ ਤੇ ਕਿਸਾਨਾਂ ਦੀ ਭਰਵੀਂ ਹਾਜ਼ਰੀ ਦੀ ਗਵਾਹ ਬਣੀ| 125 ਕਿਸਾਨ ਮੈਂਬਰਾਂ ਨੇ ਇਸ ਮੀਟਿੰਗ ਵਿਚ ਹਿੱਸਾ ਲੈ ਕੇ ਵੱਖ-ਵੱਖ ਮਾਹਿਰਾਂ ਦੇ ਵਿਚਾਰ ਸੁਣੇ ਅਤੇ ਉਹਨਾਂ ਨਾਲ ਆਪਣੀ ਕਾਸ਼ਤਕਾਰੀ ਬਾਰੇ ਮਸ਼ਵਰੇ ਕੀਤੇ| ਇਸ ਮੀਟਿੰਗ ਦੀ ਪ੍ਰਧਾਨਗੀ ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਕੀਤੀ ਜਦਕਿ ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ|






ਇਸ ਮੀਟਿੰਗ ਦੌਰਾਨ ਪੀ.ਏ.ਯੂ. ਕਿਸਾਨ ਕਲੱਬ ਦੇ ਮੈਂਬਰਾਂ ਨੇ ਸਰਵਸੰਮਤੀ ਨਾਲ ਕਿਹਾ ਕਿ ਮੌਜੂਦਾ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਕਿਸਾਨ ਅਤੇ ਕਿਸਾਨੀ ਦੀ ਬਿਹਤਰੀ ਲਈ ਆਪਣੇ ਕਾਰਜਕਾਲ ਦੌਰਾਨ ਲਾਜਵਾਬ ਕਾਰਜ ਕੀਤਾ ਹੈ| ਉਹਨਾਂ ਦੀ ਅਗਵਾਈ ਵਿਚ ਯੂਨੀਵਰਸਿਟੀ ਲਗਾਤਾਰ ਦੇਸ਼ ਦੀ ਸਰਵੋਤਮ ਖੇਤੀ ਯੂਨੀਵਰਸਿਟੀ ਬਣੀ| ਕਲੱਬ ਦੇ ਮੈਂਬਰਾਂ ਨੇ ਉਹਨਾਂ ਦੇ ਇਕ ਹੋਰ ਕਾਰਜਕਾਲ ਵਾਧੇ ਲਈ ਸਰਕਾਰ ਨੂੰ ਅਪੀਲ ਕੀਤੀ|

ਡਾ. ਗੋਸਲ ਨੇ ਆਪਣੇ ਭਾਸ਼ਣ ਵਿਚ ਕਲੱਬ ਨਾਲ ਜੁੜੇ ਕਿਸਾਨਾਂ ਨੂੰ ਪੀ.ਏ.ਯੂ. ਦੇ ਪਸਾਰ ਦੂਤ ਕਿਹਾ| ਉਹਨਾਂ ਕਿਹਾ ਕਿ ਯੂਨੀਵਰਸਿਟੀ ਵੱਲੋਂ ਖੋਜੀਆਂ ਗਈਆਂ ਤਕਨਾਲੋਜੀਆਂ ਦੂਰ-ਦਰਾਜ ਦੇ ਕਿਸਾਨਾਂ ਤੱਕ ਪਹੁੰਚਾਉਣ ਅਤੇ ਆਪਣੇ ਖੇਤਾਂ ਵਿਚ ਉਹਨਾਂ ਦੀ ਪਰਖ ਕਰਨ ਲਈ ਕਲੱਬ ਦੇ ਮੈਂਬਰ ਸ਼ਲਾਘਾ ਦੇ ਹੱਕਦਾਰ ਹਨ| ਡਾ. ਗੋਸਲ ਨੇ ਖੇਤੀ ਨੂੰ ਕਾਰੋਬਾਰੀ ਲੀਹਾਂ ਤੇ ਤੋਰਨ ਲਈ ਯੂਨੀਵਰਸਿਟੀ ਦੀਆਂ ਪਹਿਲਕਦਮੀਆਂ ਦਾ ਜ਼ਿਕਰ ਕੀਤਾ| ਉਹਨਾਂ ਦੱਸਿਆ ਕਿ ਪੰਜਾਬ ਤੋਂ ਗਏ ਕਿਸਾਨਾਂ ਨੇ ਵਿਦੇਸ਼ ਵਿਚ ਬਦਾਮਾਂ ਅਤੇ ਸੌਂਗੀ ਦੇ ਕਿੰਗ ਹੋਣ ਦਾ ਰੁਤਬਾ ਹਾਸਲ ਕੀਤਾ ਹੈ| ਇਸਦਾ ਕਾਰਨ ਇਹ ਹੈ ਕਿ ਉਹਨਾਂ ਨੇ ਖੇਤੀ ਨੂੰ ਖੇਤੀ ਕਾਰੋਬਾਰ ਵਿਚ ਬਦਲ ਕੇ ਵਧੇਰੇ ਮੁਨਾਫਾ ਕਮਾਇਆ| ਪੰਜਾਬ ਦੇ ਕਿਸਾਨ ਨੂੰ ਵੀ ਅਜਿਹੇ ਤਰੀਕਿਆਂ ਨਾਲ ਖੇਤੀ ਨਾਲ ਜੁੜਨ ਦੀ ਲੋੜ ਹੈ|

ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ ਨੇ ਕਿਸਾਨਾਂ ਨੂੰ ਕਿਹਾ ਕਿ ਉਹ ਆਉਂਦੇ ਦਿਨੀਂ ਲੱਗਣ ਵਾਲੇ ਹਾੜੀ ਦੇ ਕਿਸਾਨ ਮੇਲਿਆ ਵਿਚ ਵੱਧ ਚੜ ਕੇ ਹਿੱਸਾ ਲੈਣ| ਉਹਨਾਂ ਨੇ ਇਹਨਾਂ ਮੇਲਿਆਂ ਬਾਬਤ ਹੋਰ ਕਿਸਾਨਾਂ ਨਾਲ ਜਾਣਕਾਰੀ ਸਾਂਝੀ ਕਰਨ ਦੀ ਅਪੀਲ ਵੀ ਕੀਤੀ|

ਇਸ ਕੈਂਪ ਦੇ ਪ੍ਰੋਗਰਾਮ ਨਿਰਦੇਸ਼ਕ ਅਪਰ ਨਿਰਦੇਸ਼ਕ ਸੰਚਾਰ ਡਾ. ਤੇਜਿੰਦਰ ਸਿੰਘ ਰਿਆੜ ਸਨ| ਡਾ. ਰਿਆੜ ਨੇ ਕਿਸਾਨਾਂ ਨੂੰ ਕਿਸਾਨ ਕਲੱਬ ਦੀਆਂ ਗਤੀਵਿਧੀਆਂ ਆਪਣੇ ਆਸ ਪਾਸ ਦੇ ਕਾਸ਼ਤਕਾਰਾਂ ਤੱਕ ਪਹੁੰਚਾਉਣ ਲਈ ਪ੍ਰੇਰਿਤ ਕੀਤਾ| ਉਹਨਾਂ ਕਿਹਾ ਕਿ ਪੀ.ਏ.ਯੂ. ਨੇ ਆਪਣੇ ਆਰੰਭ ਤੋਂ ਹੀ ਕਿਸਾਨਾਂ ਨਾਲ ਨੇੜਲੇ ਸੰਬੰਧ ਸਥਾਪਿਤ ਕੀਤੇ ਹਨ| ਇਸੇ ਦਾ ਸਿੱਟਾ ਹੈ ਕਿ ਯੂਨੀਵਰਸਿਟੀ ਨੂੰ ਦੇਸ਼ ਪੱਧਰ ਤੇ ਲਗਾਤਾਰ ਸਰਵੋਤਮ ਸੰਸਥਾ ਹੋਣ ਦਾ ਮਾਣ ਹਾਸਲ ਹੋ ਰਿਹਾ ਹੈ|

ਖੇਤੀ ਮਾਹਿਰਾਂ ਵਜੋਂ ਇਸ ਵਾਰ ਸਬਜ਼ੀ ਵਿਗਿਆਨੀ ਡਾ. ਨਵਜੋਤ ਬਰਾੜ ਨੇ ਆਲੂਆਂ ਦੀ ਸਫਲ ਕਾਸ਼ਤ ਬਾਰੇ, ਖੇਤਰੀ ਖੋਜ ਕੇਂਦਰ ਕਪੂਰਥਲਾ ਦੇ ਡਾ. ਰਜਿੰਦਰ ਕੁਮਾਰ ਨੇ ਕਮਾਦ ਦੀ ਸਫਲ ਕਾਸ਼ਤਕਾਰੀ ਬਾਰੇ, ਫਲ ਵਿਗਿਆਨੀ ਡਾ. ਜਸਵਿੰਦਰ ਬਰਾੜ ਨੇ ਬਰਸਾਤ ਰੁੱਤ ਵਿਚ ਫਲਾਂ ਦੇ ਬੂਟੇ ਲਾਉਣ ਬਾਰੇ ਅਤੇ ਮਾਈਕ੍ਰੋਬਾਇਆਲੋਜੀ ਮਾਹਿਰ ਡਾ. ਐਨਾ ਗੋਇਲ ਨੇ ਔਸ਼ਧੀ ਖੁੰਬਾਂ ਦੀ ਕਾਸ਼ਤ ਬਾਰੇ ਜਾਣਕਾਰੀ ਦਿੱਤੀ| ਇਸ ਤੋਂ ਇਲਾਵਾ ਫਸਲੀ ਰਹਿੰਦ-ਖੂੰਹਦ ਦੀ ਸਾਂਭ-ਸੰਭਾਲ ਬਾਰੇ ਬਨੀਤਾ ਸ਼ਾਹ ਨੇ ਆਪਣੇ ਵਿਚਾਰ ਸਾਂਝੇ ਕੀਤੇ| ਕਲੱਬ ਦੀਆਂ ਗਤੀਵਿਧੀਆਂ ਬਾਰੇ ਡਾ. ਲਵਲੀਸ਼ ਗਰਗ ਨੇ ਚਾਨਣਾ ਪਾਇਆ|

ਸਵਾਗਤ ਦੇ ਸ਼ਬਦ ਕੈਂਪ ਦੇ ਸੰਚਾਲਕ ਸ਼੍ਰੀ ਵਰਿੰਦਰ ਸਿੰਘ ਨੇ ਕਹੇ| ਅੰਤ ਵਿਚ ਧੰਨਵਾਦ ਕਲੱਬ ਦੇ ਪ੍ਰਧਾਨ ਮਨਪ੍ਰੀਤ ਸਿੰਘ ਗਰੇਵਾਲ ਨੇ ਕੀਤਾ|

## ਬਠਿੰਡਾ ਵਿਖੇ 6ਵੇਂ ਤੀਆਂ ਦੇ ਮੇਲੇ 'ਚ ਮੁਟਿਆਰਾ ਨੇ ਖੂਬ ਆਨੰਦ ਮਾਣਿਆ


### ਮੁੱਖ ਪ੍ਰਬੰਧਕ ਡਾ. ਅਮਨਦੀਪ ਕੌਰ ਦੇ ਉਪਰਾਲੇ ਦੀ ਹੋਈ ਪ੍ਰਸੰਸਾ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ

ਬਠਿੰਡਾ, 7 ਅਗਸਤ : ਬੀਤੇ ਦਿਨੀਂ ਬਠਿੰਡਾ ਵਿਖੇ ਡਾ. ਅਮਨਦੀਪ ਕੌਰ ਮਾਨ, ਉਸਦੀਆਂ ਸਹੇਲੀਆਂ ਅਤੇ ਉਸਦੇ ਸਹਿਯੋਗੀਆਂ ਦੀ ਅਣਥੱਕ ਮਿਹਨਤ ਸਦਕਾ ਤੀਆਂ ਦਾ ਮਣਾਇਆ ਗਿਆ ਮੇਲਾ ਆਪਣੀ ਇੱਕ ਅਮਿੱਟ ਯਾਦਗਾਰ ਛੱਡਦਾ ਹੋਇਆ ਸਭਨਾਂ ਹਾਜਰੀਨ ਦੇ ਦਿਲਾਂ ਤੇ ਡੂੰਘੀ ਛਾਪ ਛੱਡ ਗਿਆ, ਜੋ ਚਿਰਾਂ ਤੱਕ ਯਾਦ ਰਹੇਗਾ। ਇਸ ਮੇਲੇ ਵਿਚ ਮੁੱਖ ਮਹਿਮਾਨ ਦੇ ਤੌਰ ਤੇ ਨਗਰ ਨਿਗਮ ਬਠਿੰਡਾ ਦੇ ਮੇਅਰ ਪਦਮਜੀਤ ਸਿੰਘ ਮਹਿਤਾ ਪੁੱਜੇ ਸਨ, ਜਦਕਿ ਵਿਸ੍ਰੇਸ ਮਹਿਮਾਨ ਦੇ ਤੌਰ ਤੇ ਮਾਰਕੀਟ ਕਮੇਟੀ ਬਠਿੰਡਾ ਦੇ ਚੇਅਰਮੈਨ ਬਲਜੀਤ ਸਿੰਘ ਬੱਲੀ, ਬਲਾਕ ਪ੍ਰਧਾਨ ਹਰਪ੍ਰੀਤ ਸਿੰਘ ਅਤੇ ਨਗਰ ਕੌਂਸ਼ਲਰ ਗੁਰਚਰਨ ਸਿੰਘ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਛੋਟੀਆਂ – ਛੋਟੀਆਂ ਬੱਚੀਆਂ ਨੇ ਗੀਤ – ਸੰਗੀਤ ਦੀਆਂ ਧੁਨਾ ਤੇ ਆਪਣੀਆਂ – ਆਪਣੀਆਂ ਪੇਸ਼ਕਾਰੀਆਂ ਕਰਕੇ ਪ੍ਰੋਗਰਾਮ ਦਾ ਯਾਦਗਾਰ ਮੁੱਢ ਬੰਨਿਆ। ਪ੍ਰੋਗਰਾਮ 'ਚ ਪੁੱਜੀਆ ਨਾਂਮਵਰ ਗਾਇਕਾਵਾਂ ਜੈਸਮੀਨ ਚੋਟੀਆ, ਸਪਨਾ ਬਰਾੜ, ਕਰਮਜੀਤ ਰਾਜੂ ਅਤੇ ਮਨਦੀਪ ਲੱਕੀ ਨੇ ਆਪਣੇ ਸਭਿਆਚਾਰਕ ਗੀਤਾਂ ਤੇ ਬੋਲੀਆਂ ਦੀ ਪੇਸ਼ਕਾਰੀ ਕਰਕੇ ਸਭ ਮੁਟਿਆਰਾਂ ਨੂੰ ਲੰਮੇ ਸਮੇਂ ਤੱਕ ਨੱਚਣ – ਟੱਪਣ ਤੇ ਗਿੱਧਾ ਪਾਉਣ ਲਈ ਮਜਬੂਰ ਕੀਤਾ। ਇਸੇ ਤਰਾਂ ਪੰਜਾਬੀ ਲੋਕ ਗਾਇਕ ਤੇ ਮੰਚ ਸੰਚਾਲਕ ਦੇ ਅਰਥਪੂਰਨ ਗੀਤ " ਜੇ ਕੁੱਖਾਂ ਹੀ ਸੁੰਨੀਆਂ ਕਰ ਦਿੱਤੀਆਂ ਜਾਣ.. ਤਾਂ ਤੀਆਂ ਦੇ ਮੇਲੇ ਕਿਸ ਲਈ ਸਜਣਗੇ..? ਗਾਕੇ ਸਭਨੂੰ ਸੋਚਣ ਲਈ ਮਜਬੂਰ ਕਰ ਦਿਤਾ। ਇਸ ਦੌਰਾਨ ਨਵ – ਵਿਆਹੀਆ ਲੜਕੀਆਂ ਨੂੰ ਪ੍ਰਬੰਧਕਾਂ ਵੱਲੋਂ ਸੰਧਾਰੇ ਵੀ ਦਿੱਤੇ ਗਏ। ਮੇਅਰ ਪਦਮਜੀਤ ਸਿੰਘ ਮਹਿਤਾ ਨੇ ਇਸ ਮੌਕੇ ਬੋਲਦਿਆ ਡਾ. ਅਮਨਦੀਪ ਕੌਰ ਮਾਨ ਦੇ ਇਸ ਉਪਰਾਲੇ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਸਾਨੂੰ ਸਭਨੂੰ ਸਾਡੇ ਅਜਿਹੇ ਪ੍ਰੰਪਰਾਗਤ ਵਿਰਸੇ ਨੂੰ ਸੰਭਾਲਣ ਦੀ ਜਰੂਰਤ ਹੈ। ਉਨ੍ਹਾਂ ਮੇਲਾ ਪ੍ਰਬੰਧਕਾਂ ਡਾ. ਐਸ. ਕੇ. ਕਟਾਰੀਆ, ਡਾ. ਜਸਵੀਰ ਕਟਾਰੀਆ, ਡਾ. ਅੰਮ੍ਰਿਤਪਾਲ ਅੰਮ੍ਰਿਤ, ਡਾ. ਕੁਲਦੀਪ ਕੌਰ ਰੈਨੂੰ, ਅਮਨਦੀਪ ਸਿੰਘ ਸਰਾਂ, ਨਵਦੀਪ ਕੌਰ ਮਾਨ ( ਐਨਆਰਆਈ ), ਸਨੌਵੀਂ ਸਿੰਘ, ਡਾ. ਰਮੇਸ਼ ਸ਼ਰਮਾ, ਡਾ. ਜਗਪ੍ਰੀਤ ਖੋਖਰ, ਡਾ. ਹਰਵਿੰਦਰ ਕੋਰ, ਮੈਡਮ ਮੀਨਾ, ਰੇਨੂੰ, ਜਸਪ੍ਰੀਤ , ਸੰਤੋਸ਼, ਨੰਦ ਲਾਲ ਅਤੇ ਸੱਤਪਾਲ ਮਾਨ ਦੇ ਪਾਏ ਸਹਿਯੋਗ ਦੀ ਵੀ ਭਰਪੂਰ ਪ੍ਰਸੰਸਾ ਕੀਤੀ। ਅੰਤ ਵਿਚ ਮੁੱਖ ਮਹਿਮਾਨਾ ਵੱਲੋਂ ਸਭਨੂੰ ਯਾਦਗਾਰੀ ਚਿੰਨ ਦੇਕੇ ਸਨਮਾਨਿਤ ਕੀਤਾ। ਇਸ ਮੌਕੇ ਡਾ. ਅਮਨਦੀਪ ਕੌਰ ਨੇ ਮੁੱਖ ਮਹਿਮਾਨਾ ਤੇ ਹਾਜਰੀਨ ਸਭਨਾਂ ਦਾ ਧੰਨਵਾਦ ਕੀਤਾ।



## "ਬਾਲਾ ਪ੍ਰੀਤਮ"




ਅੱਠ ਵਰ੍ਹੇ ਦੀ ਛੋਟੀ ਉਮਰ,
ਪਰ ਗਿਆਨ ਦਾ ਸਾਗਰ ਅਥਾਹ।
"ਬਾਲਾ ਪ੍ਰੀਤਮ" ਆਖੇ ਦੁਨੀਆਂ,
ਤੇਰੇ ਨਾਮ ਦੀ ਮਹਿਮਾ ਅਪਾਰ।

ਦਿੱਲੀ ਦੀ ਧਰਤੀ 'ਤੇ ਆਏ,
ਮਹਾਂਮਾਰੀ ਦਾ ਦੁੱਖ ਮਿਟਾਉਣ।
ਛੋਟੇ-ਛੋਟੇ ਹੱਥਾਂ ਨਾਲ,
ਬੀਮਾਰਾਂ ਨੂੰ ਸ਼ਿਫਾ ਦੇਣ।

"ਬਾਬਾ ਬਕਾਲੇ" ਤੋਂ ਆਵਾਜ਼ ਆਈ,
"ਬਾਬੇ ਨਾਨਕ ਦਾ ਬੇਟਾ ਆ ਗਿਆ"।
ਲੋਕ ਦੌੜੇ ਦਰਸ਼ਨ ਕਰਨ,
ਤੇਰੇ ਚਰਨਾਂ 'ਚ ਸ਼ਰਧਾ ਲੈ ਗਏ।

ਨਾ ਕੋਈ ਭੇਦ, ਨਾ ਕੋਈ ਫਰਕ,
ਹਿੰਦੂ-ਮੁਸਲਮਾਨ ਸਭ ਇੱਕ।
ਤੂੰ ਕਿਹਾ – "ਮਨੁੱਖਤਾ ਹੀ ਧਰਮ ਹੈ",
ਇਹੀ ਸਿੱਖਿਆ ਦਿੱਤੀ ਸਭ ਨੂੰ।

ਕੱਚੀ ਉਮਰ 'ਚ ਕੁਰਬਾਨੀ ਦੇ ਕੇ,
ਦੂਜਿਆਂ ਲਈ ਜਾਨ ਵਾਰ ਦਿੱਤੀ।
ਆਪਣੇ ਤਨ ਦੀ ਪਰਵਾਹ ਨਾ ਕੀਤੀ,
ਬਸ ਦੂਜਿਆਂ ਦਾ ਦਰਦ ਹਰਿਆ।

ਗੁਰੂ ਹਰਿਕ੍ਰਿਸ਼ਨ ਨਾਮ ਤੇਰਾ,
ਦੁੱਖ ਭੰਜਨ ਤੇਰਾ ਕੰਮ।
ਪ੍ਰਕਾਸ਼ ਪੁਰਬ 'ਤੇ ਅਰਦਾਸ ਹੈ,
ਰੱਖੀ ਸਭਨਾਂ ਦਾ ਚੜ੍ਹਦੀ ਕਲਾ 'ਚ ਨਾਮ।

ਵਰਲਡ ਪੰਜਾਬੀ ਟਾਈਮਜ਼ ਸੁਰਜੀਤ ਸਾਰੰਗ

## ਵਿਦਿਆਰਥੀਆਂ ਤੇ ਆਮ ਲੋਕਾਂ ਨੇ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਅਤੇ ਨਗਰ ਨਿਗਮ ਨਾਲ ਮਿਲ ਕੇ ਪਟਿਆਲਾ ਦੀਆਂ ਪੰਜ ਪ੍ਰਮੁੱਖ ਸੜਕਾਂ ਦੀ ਸਫ਼ਾਈ ਕੀਤੀ

### ਮਿਸ਼ਨ ਕਲੀਨ ਪਟਿਆਲਾ ਤਹਿਤ ਦੋ ਦਿਨਾਂ ਮੁਹਿੰਮ ਦੌਰਾਨ ਛੇ ਸੰਸਥਾਵਾਂ ਨੇ ਪੰਜ ਸੜਕਾਂ ਤੋਂ ਲਗਭਗ 1700 ਕਿੱਲੋ ਕੂੜਾ ਇਕੱਠਾ ਕੀਤਾ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 7 ਅਗਸਤ : ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਨਗਰ ਨਿਗਮ, ਪਟਿਆਲਾ ਦੇ ਸਹਿਯੋਗ ਨਾਲ ਆਪਣੀ ਵਡਮੁੱਲੀ ਮੁਹਿੰਮ 'ਮਿਸ਼ਨ ਕਲੀਨ ਪਟਿਆਲਾ' ਤਹਿਤ ਨਾਭਾ ਰੋਡ, ਇਨਕਮ ਟੈਕਸ ਰੋਡ, ਜੇਲ੍ਹ-ਭਾਦਸੋਂ ਰੋਡ, ਘੁੰਮਣ ਰੋਡ ਅਤੇ ਪ੍ਰਤਾਪ ਨਗਰ ਰੋਡ 'ਤੇ ਸਫ਼ਾਈ ਮੁਹਿੰਮ ਚਲਾਈ।ਇਸ ਦੌਰਾਨ ਇਨ੍ਹਾਂ ਪੰਜ ਸੜਕਾਂ ਤੋਂ ਛੇ ਸੰਸਥਾਵਾਂ ਵੱਲੋਂ ਲਗਭਗ 1700 ਕਿਲੋਗ੍ਰਾਮ ਕੂੜਾ ਇਕੱਠਾ ਕੀਤਾ ਗਿਆ। ਇਸ ਮੁਹਿੰਮ ਵਿੱਚ ਬਲਾਸਮ ਸੀਨੀਅਰ ਸੈਕੰਡਰੀ ਸਕੂਲ, ਸੇਂਟ ਪੀਟਰਜ਼ ਸਕੂਲ, ਸਿਵਲ ਲਾਈਨ ਸਕੂਲ ਅਤੇ ਮਾਤਾ ਸਾਹਿਬ ਕੌਰ ਖ਼ਾਲਸਾ ਗਰਲਜ਼ ਕਾਲਜ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਤੋਂ ਇਲਾਵਾ ਪੰਜਾਬ ਜੇਲ੍ਹ ਟ੍ਰੇਨਿੰਗ ਸਕੂਲ ਪਟਿਆਲਾ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀਆਂ ਟੀਮਾਂ ਵੀ ਇਸ ਮੁਹਿੰਮ ਨਾਲ ਜੁੜੀਆਂ। ਪਟਿਆਲਾ ਨੂੰ ਸਾਫ਼-ਸੁਥਰਾ ਰੱਖਣ ਲਈ ਸਮਰਪਿਤ ਸਵੈ-ਸੇਵੀ ਨਾਗਰਿਕ ਸੰਸਥਾ "ਮੇਰਾ ਪਟਿਆਲਾ ਮੈਂ ਹੀ ਸਵਾਰਾਂ" ਦੇ ਮੈਂਬਰਾਂ ਨੇ ਵੀ ਭਾਦਸੋਂ ਰੋਡ ਅਤੇ ਨਾਭਾ ਰੋਡ 'ਤੇ ਸਫ਼ਾਈ ਮੁਹਿੰਮ ਵਿੱਚ ਹਿੱਸਾ ਲਿਆ।

'ਮਿਸ਼ਨ ਕਲੀਨ ਪਟਿਆਲਾ' ਮੁਹਿੰਮ ਦੀ ਸ਼ੁਰੂਆਤ ਕਰਦੇ ਹੋਏ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਚੇਅਰਪਰਸਨ ਸ੍ਰੀਮਤੀ ਰੀਨਾ ਗੁਪਤਾ ਨੇ ਕਿਹਾ, ਅਪ੍ਰੈਲ 2026 ਵਿੱਚ ਸ਼ੁਰੂ ਕੀਤਾ ਗਿਆ ਮਿਸ਼ਨ ਕਲੀਨ ਪਟਿਆਲਾ ਹੁਣ ਇੱਕ ਸ਼ਹਿਰ-ਪੱਧਰੀ ਜਨ ਅੰਦੋਲਨ ਦਾ ਰੂਪ ਧਾਰ ਚੁੱਕਾ ਹੈ। ਮੁਹਿੰਮ ਦੇ ਪਹਿਲੇ ਪੜਾਅ ਵਿੱਚ ਲਗਭਗ 30 ਸੰਸਥਾਵਾਂ ਨੇ ਭਾਗ ਲੈਂਦਿਆਂ 30 ਤੋਂ ਵੱਧ ਜਨਤਕ ਸਥਾਨਾਂ ਨੂੰ ਸਫ਼ਾਈ ਅਤੇ ਵਾਤਾਵਰਣ ਸੰਭਾਲ ਲਈ ਗੋਦ ਲਿਆ। ਇਨ੍ਹਾਂ ਵਿੱਚ 18 ਸਕੂਲ, 10 ਕਾਲਜ ਅਤੇ ਪਟਿਆਲਾ ਸ਼ਹਿਰ ਦੀਆਂ ਚਾਰ ਸਰਕਾਰੀ ਸੰਸਥਾਵਾਂ ਸ਼ਾਮਲ ਹਨ। ਜੁਲਾਈ 2026 ਵਿੱਚ ਸ਼ੁਰੂ ਹੋਏ ਦੂਜੇ ਪੜਾਅ ਦੌਰਾਨ ਹੋਰ ਪੰਜ ਸੰਸਥਾਵਾਂ ਇਸ ਅਭਿਆਨ ਨਾਲ ਜੁੜੀਆਂ, ਜਿਸ ਨਾਲ ਭਾਗ ਲੈਣ ਵਾਲੀਆਂ ਸੰਸਥਾਵਾਂ ਦੀ ਕੁੱਲ ਗਿਣਤੀ 37 ਹੋ ਗਈ ਹੈ।

ਚੇਅਰਪਰਸਨ ਰੀਨਾ ਗੁਪਤਾ ਨੇ ਅੱਗੇ ਦੱਸਿਆ ਕਿ "ਸਭ ਤੋਂ ਸਾਫ਼ ਸ਼ਹਿਰ ਉਹੀ ਹੁੰਦੇ ਹਨ ਜਿੱਥੇ ਹਰ ਨਾਗਰਿਕ ਆਪਣੇ ਘਰ, ਦਫ਼ਤਰ ਜਾਂ ਸੰਸਥਾ ਦੇ ਬਾਹਰ ਦੀ ਸੜਕ ਨੂੰ ਆਪਣੀ ਜ਼ਿੰਮੇਵਾਰੀ ਸਮਝਦਾ ਹੈ। ਅਸੀਂ ਪਟਿਆਲਾ ਦੀਆਂ ਪ੍ਰਮੁੱਖ ਸੰਸਥਾਵਾਂ, ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਅਤੇ ਸਮੁਦਾਇਕ ਸਮੂਹਾਂ ਨੂੰ ਇਸ ਮੁਹਿੰਮ ਨਾਲ ਜੋੜਿਆ ਹੈ। ਜੇਕਰ ਹਰ ਸੰਸਥਾ ਇੱਕ ਜਨਤਕ ਸਥਾਨ ਨੂੰ ਗੋਦ ਲੈ ਕੇ ਹਰ ਮਹੀਨੇ ਕੁਝ ਘੰਟੇ ਇਸ ਦੀ ਸਫ਼ਾਈ ਲਈ ਸਮਰਪਿਤ ਕਰੇ, ਤਾਂ ਅਸੀਂ ਇੱਕ ਹੋਰ ਸਾਫ਼-ਸੁਥਰਾ, ਸਿਹਤਮੰਦ ਅਤੇ ਰਹਿਣ-ਯੋਗ ਪੰਜਾਬ ਤਿਆਰ ਕਰ ਸਕਦੇ ਹਾਂ।" ਚੇਅਰਪਰਸਨ ਨੇ ਸਾਰੀਆਂ ਸਮਾਜਿਕ ਸੰਸਥਾਵਾਂ ਅਤੇ ਗੈਰ-ਸਰਕਾਰੀ ਸੰਗਠਨਾਂ (ਐਨਜੀਓਜ਼) ਨੂੰ ਵੀ ਇਸ ਮੁਹਿੰਮ ਨਾਲ ਜੁੜਨ ਦੀ ਅਪੀਲ ਕੀਤੀ।

ਜਿਕਰਯੋਗ ਹੈ ਕਿ ਮਿਸ਼ਨ ਕਲੀਨ ਪਟਿਆਲਾ ਦੀ ਸ਼ੁਰੂਆਤ ਤੋਂ ਬਾਅਦ ਹੁਣ ਤੱਕ 700 ਤੋਂ ਵੱਧ ਭਾਗੀਦਾਰਾਂ ਨੇ ਆਪਣੇ-ਆਪਣੇ ਸੰਸਥਾਨਾਂ ਦੇ ਨੇੜੇ ਲਗਭਗ 29 ਸਫ਼ਾਈ ਅਤੇ ਜਾਗਰੂਕਤਾ ਮੁਹਿੰਮਾਂ ਵਿੱਚ ਹਿੱਸਾ ਲਿਆ ਹੈ। ਇਸ ਵਿੱਚ 20 ਸਿੱਖਿਆ ਸੰਸਥਾਵਾਂ-ਥਾਪਰ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਸਰਕਾਰੀ ਸੀਨੀਅਰ ਸੈਕੰਡਰੀ ਸਿਵਲ ਲਾਈਨਜ਼ ਸਕੂਲ, ਸਰਕਾਰੀ ਆਈਟੀਆਈ ਕਾਲਜ, ਮੁਲਤਾਨੀ ਮਾਲ ਮੋਦੀ ਕਾਲਜ, ਡੀਏਵੀ ਪਬਲਿਕ ਸਕੂਲ, ਮਾਤਾ ਸਾਹਿਬ ਕੌਰ ਖਾਲਸਾ ਗਰਲਜ਼ ਕਾਲਜ, ਬੁੱਢਾ ਦਲ ਪਬਲਿਕ ਸਕੂਲ, ਸਰਕਾਰੀ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ, ਕੈਂਟਲ ਸੀਨੀਅਰ ਸਕੂਲ, ਸਰਕਾਰੀ ਸਟੇਟ ਕਾਲਜ ਆਫ ਐਜੂਕੇਸ਼ਨ, ਦਿ ਬ੍ਰਿਟਿਸ਼ ਕੋ-ਐਡ ਸਕੂਲ, ਯਾਦਵੇਂਦਰਾ ਪਬਲਿਕ ਸਕੂਲ, ਬਲਾਸਮਜ਼ ਸੀਨੀਅਰ ਸੈਕੰਡਰੀ ਸਕੂਲ, ਆਵਰ ਲੇਡੀ ਆਫ ਫਾਤਿਮਾ ਕਾਨਵੈਂਟ ਸਕੂਲ, ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ, ਔਰੋਬਿੰਦੋ ਪਬਲਿਕ ਸਕੂਲ, ਪੰਜਾਬੀ ਯੂਨੀਵਰਸਿਟੀ, ਮਾਡਰਨ ਸੀਨੀਅਰ ਸੈਕੰਡਰੀ ਸਕੂਲ, ਸਰਕਾਰੀ ਪੌਲੀਟੈਕਨਿਕ ਕਾਲਜ, ਪੰਜਾਬ ਜੇਲ੍ਹ ਟ੍ਰੇਨਿੰਗ ਸਕੂਲ ਅਤੇ ਸ਼ਿਵਾਲਿਕ ਪਬਲਿਕ ਸਕੂਲ, ਸ਼ਾਮਲ ਹਨ। ਇਹ ਸੰਸਥਾਵਾਂ ਨਾ ਸਿਰਫ਼ ਸੜਕਾਂ ਦੀ ਸਫ਼ਾਈ ਕਰ ਰਹੀਆਂ ਹਨ, ਸਗੋਂ ਆਲੇ-ਦੁਆਲੇ ਦੇ ਵਾਤਾਵਰਣ ਨੂੰ ਸੁੰਦਰ ਬਣਾਉਣ ਲਈ ਨਵੇਂ ਅਤੇ ਨਵੀਨਤਾਕਾਰੀ ਵਿਚਾਰਾਂ 'ਤੇ ਵੀ ਕੰਮ ਕਰ ਰਹੀਆਂ ਹਨ। ਇਸ ਮੁਹਿੰਮ ਨਾਲ ਜੁੜੀਆਂ ਪ੍ਰਮੁੱਖ ਸੰਸਥਾਵਾਂ ਵਿੱਚ ਇੰਡੋ-ਤਿੱਬਤ ਬਾਰਡਰ ਪੁਲਿਸ, ਸਟੇਸ਼ਨ ਹੈੱਡਕੁਆਰਟਰ ਪਟਿਆਲਾ, ਬਾਗਬਾਨੀ ਵਿਭਾਗ, ਪੰਜਾਬ ਰੋਡ ਟਰਾਂਸਪੋਰਟ ਕਾਰਪੋਰੇਸ਼ਨ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਲੋਕ ਨਿਰਮਾਣ ਵਿਭਾਗ, ਸਿੰਚਾਈ ਅਤੇ ਡਰੇਨੇਜ ਵਿਭਾਗ ਆਦਿ ਵੀ ਸ਼ਾਮਲ ਹੋਏ ਹਨ।

## ਗੁਨਜੀਤ ਰੁਚੀ ਬਾਵਾ ਨੇ 'ਨੰਨ੍ਹੇ ਕਦਮ' ਪਹਿਲਕਦਮੀ ਤਹਿਤ ਲੋਹਾਰਾ ਸਕੂਲ ਵਿੱਚ 400 ਵਿਦਿਆਰਥੀਆਂ ਨੂੰ ਬਾਲ ਅਧਿਕਾਰਾਂ ਪ੍ਰਤੀ ਕੀਤਾ ਜਾਗਰੂਕ

### *ਬਾਲ ਅਧਿਕਾਰਾਂ ਦੀ ਜਾਣਕਾਰੀ ਨਾਲ ਵਿਦਿਆਰਥੀਆਂ ਵਿੱਚ ਵਧਿਆ ਆਤਮਵਿਸ਼ਵਾਸ: ਗੁਨਜੀਤ ਰੁਚੀ ਬਾਵਾ*

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ, 7 ਅਗਸਤ : ਬੱਚਿਆਂ ਦੇ ਅਧਿਕਾਰਾਂ ਬਾਰੇ ਜ਼ਮੀਨੀ ਪੱਧਰ 'ਤੇ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਪੰਜਾਬ ਬਾਲ ਅਧਿਕਾਰ ਕਮਿਸ਼ਨ ਵੱਲੋਂ "ਨੰਨ੍ਹੇ ਕਦਮ" ਪਹਿਲਕਦਮੀ ਤਹਿਤ ਸਰਕਾਰੀ ਹਾਈ ਸਕੂਲ, ਲੋਹਾਰਾ ਵਿਖੇ ਇੱਕ ਵਿਸ਼ੇਸ਼ ਜਾਗਰੂਕਤਾ ਸੈਸ਼ਨ ਆਯੋਜਿਤ ਕੀਤਾ ਗਿਆ। ਇਸ ਮੌਕੇ ਪੰਜਾਬ ਬਾਲ ਅਧਿਕਾਰ ਕਮਿਸ਼ਨ ਦੀ ਵਾਈਸ ਚੇਅਰਪਰਸਨ ਗੁਨਜੀਤ ਰੁਚੀ ਬਾਵਾ ਨੇ ਲਗਭਗ 400 ਵਿਦਿਆਰਥੀਆਂ ਨਾਲ ਰੂਬਰੂ ਹੋ ਕੇ ਉਨ੍ਹਾਂ ਨੂੰ ਬਾਲ ਅਧਿਕਾਰਾਂ, ਸਿੱਖਿਆ ਦੀ ਮਹੱਤਤਾ, ਨਿੱਜੀ ਸੁਰੱਖਿਆ ਅਤੇ ਜ਼ਿੰਮੇਵਾਰ ਨਾਗਰਿਕ ਬਣਨ ਸਬੰਧੀ ਪ੍ਰੇਰਿਤ ਕੀਤਾ।




ਆਪਣੇ ਸੰਬੋਧਨ ਦੌਰਾਨ ਗੁਨਜੀਤ ਰੁਚੀ ਬਾਵਾ ਨੇ ਵਿਦਿਆਰਥੀਆਂ ਨੂੰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਰਹਿਣ, ਸਿੱਖਿਆ ਨਾਲ ਜੁੜੇ ਰਹਿਣ ਅਤੇ ਕਿਸੇ ਵੀ ਤਰ੍ਹਾਂ ਦੇ ਦੁਰਵਿਵਹਾਰ, ਸ਼ੋਸ਼ਣ ਜਾਂ ਅਣਗਹਿਲੀ ਦੀ ਸਥਿਤੀ ਵਿੱਚ ਬਿਨਾਂ ਝਿਜਕ ਮਦਦ ਮੰਗਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਭਾਵਨਾਤਮਕ ਤੰਦਰੁਸਤੀ, ਨਸ਼ਿਆਂ ਤੋਂ ਦੂਰ ਰਹਿਣ ਅਤੇ ਆਤਮਵਿਸ਼ਵਾਸ ਨਾਲ ਜੀਵਨ ਵਿੱਚ ਅੱਗੇ ਵਧਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਇਸ ਦੇ ਨਾਲ ਹੀ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਚਾਈਲਡ ਹੈਲਪਲਾਈਨ 1098 ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ ਅਤੇ ਲੋੜ ਪੈਣ 'ਤੇ ਇਸ ਸੇਵਾ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਇਹ ਪ੍ਰੋਗਰਾਮ ਸਕੂਲ ਇੰਚਾਰਜ ਅਮਿਤੇਸ਼ ਸ਼ੁਕਲਾ ਦੀ ਮੌਜੂਦਗੀ ਵਿੱਚ ਆਯੋਜਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਅਧਿਆਪਕ ਕੁਲਬੀਰ ਸਿੰਘ, ਹਰਪ੍ਰੀਤ ਸਿੰਘ, ਸਰਬਜੀਤ ਕੌਰ, ਰਿਤੂ ਅਰੋੜਾ, ਪੱਲਵੀ ਗੁਪਤਾ, ਰਮੇਸ਼ ਕੌਰ, ਸਗੁਣਾ ਸ਼ਰਮਾ ਅਤੇ ਰੇਣੂ ਸ਼ਰਮਾ ਵੀ ਹਾਜ਼ਰ ਸਨ। ਅਮਿਤੇਸ਼ ਸ਼ੁਕਲਾ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਜਾਗਰੂਕਤਾ ਪ੍ਰੋਗਰਾਮ ਬੱਚਿਆਂ ਵਿੱਚ ਆਤਮਵਿਸ਼ਵਾਸ ਪੈਦਾ ਕਰਨ ਅਤੇ ਉਨ੍ਹਾਂ ਨੂੰ ਜ਼ਿੰਮੇਵਾਰ ਨਾਗਰਿਕ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਸੈਸ਼ਨ ਉਪਰੰਤ ਦਸਵੀਂ ਜਮਾਤ ਦੀ ਇੱਕ ਵਿਦਿਆਰਥਣ ਨੇ ਕਿਹਾ ਕਿ ਇਹ ਉਸ ਲਈ ਇੱਕ ਯਾਦਗਾਰ ਅਨੁਭਵ ਰਿਹਾ, ਜਿਸ ਰਾਹੀਂ ਉਸਨੇ ਆਪਣੇ ਅਧਿਕਾਰਾਂ ਅਤੇ ਮਦਦ ਪ੍ਰਾਪਤ ਕਰਨ ਦੇ ਸਹੀ ਤਰੀਕਿਆਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਆਸ ਅਹਿਸਾਸ ਐਨ.ਜੀ.ਓ. ਵੱਲੋਂ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨ ਲਈ ਸਟੇਸ਼ਨਰੀ ਸਮੱਗਰੀ ਵੀ ਵੰਡੀ ਗਈ।

## 19ਵੀਂ ਸਦੀ ਦਾ ਬਾਬਾ ਵਿਸ਼ਵਕਰਮਾ 'ਆਰਕੀਟੈਕਟ ਭਾਈ ਰਾਮ ਸਿੰਘ'

ਵਰਲਡ ਪੰਜਾਬੀ ਟਾਈਮਜ਼
ਇੰਦਰਜੀਤ ਸਿੰਘ ਹਰਪੁਰਾ



1 ਅਗਸਤ 1858 ਨੂੰ ਬਟਾਲਾ ਨੇੜਲੇ ਛੋਟੇ ਜਿਹੇ ਪਿੰਡ ਰਸੂਲਪੁਰ ਵਿਖੇ ਮਿਸਤਰੀ ਆਸਾ ਸਿੰਘ ਦੇ ਘਰ ਪੈਦਾ ਹੋਏ ਬੱਚੇ ਰਾਮ ਸਿੰਘ ਬਾਰੇ ਕਿਸੇ ਨੇ ਸੋਚਿਆ ਵੀ ਨਹੀਂ ਹੋਣਾ ਕਿ ਇਹੀ ਰਾਮ ਸਿੰਘ ਵੱਡਾ ਹੋ ਕੇ ਏਨਾ ਵੱਡਾ ਆਰਕੀਟੈਕਟ ਬਣੇਗਾ ਕਿ ਦੁਨੀਆਂ ਭਰ ਦੇ ਲੋਕ ਉਸ ਦੀਆਂ ਡਿਜ਼ਾਈਨ ਕੀਤੀਆਂ ਇਮਾਰਤਾਂ ਨੂੰ ਖੜ੍ਹ-ਖੜ੍ਹ ਕੇ ਦੇਖਣਗੇ। ਬੇਸ਼ੱਕ ਆਰਕੀਟੈਕਟ ਭਾਈ ਰਾਮ ਸਿੰਘ ਨੂੰ ਉਸਦੇ ਆਪਣੇ ਇਲਾਕੇ ਅਤੇ ਕੌਮ ਦੇ ਲੋਕ ਵਿਸਾਰ ਗਏ ਹੋਣ ਪਰ ਉਸ ਸਰਦਾਰ ਦੀ ਕਲਾ ਦਾ ਲੋਹਾ ਦੁਨੀਆਂ ਅੱਜ ਵੀ ਮੰਨਦੀ ਹੈ। ਭਾਈ ਰਾਮ ਸਿੰਘ ਨੂੰ ਜੇਕਰ 19ਵੀਂ ਸਦੀ ਦਾ ਪ੍ਰਤੱਖ 'ਵਿਸ਼ਵਕਰਮਾ' ਕਹਿ ਲਈਏ ਤਾਂ ਕੋਈ ਅੱਤ-ਕਥਨੀ ਨਹੀਂ ਹੋਵੇਗੀ। ਜਦੋਂ ਵੀ ਕੋਈ ਵਿਅਕਤੀ ਅੰਮ੍ਰਿਤਸਰ ਸਥਿਤ ਖ਼ਾਲਸਾ ਕਾਲਜ ਦੀ ਇਮਾਰਤ ਨੂੰ ਆਪਣੀ ਅੱਖੀਂ ਦੇਖਦਾ ਹੈ ਤਾਂ ਉਹ ਆਪ-ਮੁਹਾਰੇ ਹੀ ਅਸ਼-ਅਸ਼ ਕਰ ਉੱਠਦਾ ਹੈ। ਪਰ ਇਸ ਖ਼ੂਬਸੂਰਤ ਇਮਾਰਤ ਨੂੰ ਡਿਜ਼ਾਈਨ ਕਿਸ ਨੇ ਕੀਤਾ ਸੀ, ਉਸ ਮਹਾਨ ਹਸਤੀ ਬਾਰੇ ਬਹੁਤਿਆਂ ਨੂੰ ਨਹੀਂ ਪਤਾ। ਖ਼ਾਲਸਾ ਕਾਲਜ ਦੀ ਖ਼ੂਬਸੂਰਤ ਇਮਾਰਤ ਦਾ ਨਕਸ਼ਾ ਬਟਾਲਾ ਨੇੜਲੇ ਪਿੰਡ ਰਸੂਲਪੁਰ ਦੇ ਜੰਮਪਲ ਭਾਈ ਰਾਮ ਸਿੰਘ ਨੇ ਤਿਆਰ ਕੀਤਾ ਸੀ। ਭਾਈ ਰਾਮ ਸਿੰਘ ਨੇ ਇਸ ਤੋਂ ਇਲਾਵਾ ਹੋਰ ਵੀ ਕਈ ਇਮਾਰਤਾਂ ਦੇ ਨਕਸ਼ੇ ਤਿਆਰ ਕੀਤੇ ਜੋ ਸਾਰੀਆਂ ਹੀ ਵਿਰਾਸਤੀ ਇਮਾਰਤਾਂ ਦਾ ਦਰਜਾ ਹਾਸਲ ਕਰ ਚੁੱਕੀਆਂ ਹਨ।

ਭਾਈ ਰਾਮ ਸਿੰਘ ਦੀ ਕਲਾ ਭਾਈ ਰਾਮ ਸਿੰਘ ਨੇ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਦੀ ਮਾਰਬਲ ਡਿਜ਼ਾਇਨਿੰਗ ਅਤੇ ਵੂਡ ਕਰਵਿੰਗ ਦਾ ਕੰਮ ਕਰਨ ਤੋਂ ਇਲਾਵਾ ਇੰਗਲੈਂਡ ਦੀ ਮਹਾਰਾਣੀ ਵਿਕਟੋਰੀਆ ਦੇ ਪੈਲੇਸ ਦੇ ਦਰਬਾਰ ਹਾਲ ਦੀ ਇੰਟੀਰੀਅਰ ਡਿਜ਼ਾਇਨਿੰਗ ਕੀਤੀ। ਸੈਨੇਟ ਹਾਊਸ ਲਾਹੌਰ ਦੀ ਇਮਾਰਤ, ਗੁਰਦੁਆਰਾ ਸ੍ਰੀ ਸਾਰਾਗੜ੍ਹੀ ਅੰਮ੍ਰਿਤਸਰ ਅਤੇ ਫਿਰੋਜ਼ਪੁਰ, ਐਗਰੀਕਲਚਰ ਕਾਲਜ ਲਾਇਲਪੁਰ, ਆਰਟੀਸ਼ਨ ਕਾਲਜ ਲਾਹੌਰ, ਦਰਬਾਰ ਹਾਲ ਕਪੂਰਥਲਾ, ਇੰਪੀਰੀਅਲ ਕੋਰਟ ਪੰਜਾਬ ਸ਼ੋਅ ਕੇਸ਼, ਲਾਹੌਰ ਬੋਰਡਿੰਗ ਹਾਊਸ (ਇਕਬਾਲ ਹਾਊਸ) ਸਰਕਾਰੀ ਕਾਲਜ, ਚੰਬਾ ਹਾਊਸ ਲਾਹੌਰ, ਮਲਿਕ ਉਮਰ ਹਯਾਤ ਦੀ ਰਿਹਾਇਸ਼ ਕਾਲਰਾ ਅਸਟੇਟ ਆਦਿ ਵਿਸ਼ਵ ਪ੍ਰਸਿੱਧ ਇਮਾਰਤਾਂ ਦੇ ਨਕਸ਼ੇ ਤਿਆਰ ਕਰਨ ਦੇ ਨਾਲ ਲਾਜਵਾਬ ਇੰਟੀਰੀਅਰ ਡਿਜ਼ਾਇਨਿੰਗ ਦਾ ਕੰਮ ਵੀ ਭਾਈ ਰਾਮ ਸਿੰਘ ਨੇ ਕੀਤਾ।

ਪੰਜਾਬੀ ਦੇ ਪ੍ਰਸਿੱਧ ਲੇਖਕ ਹਰਪਾਲ ਸਿੰਘ ਪੰਨੂ ਭਾਈ ਰਾਮ ਸਿੰਘ ਬਾਰੇ ਆਪਣੇ ਇੱਕ ਲੇਖ ਵਿੱਚ ਜ਼ਿਕਰ ਕਰਦੇ ਹਨ ਕਿ ਵਿਸ਼ਵ ਪ੍ਰਸਿੱਧ ਆਰਕੀਟੈਕਟ ਭਾਈ ਰਾਮ ਸਿੰਘ ਇੱਕ ਸਧਾਰਨ ਰਾਮਗੜ੍ਹੀਆ ਪਰਿਵਾਰ ਨਾਲ ਸਬੰਧ ਰੱਖਦੇ ਸਨ ਅਤੇ ਉਨ੍ਹਾਂ ਦੇ ਪਿਤਾ ਸ. ਆਸਾ ਸਿੰਘ ਤਰਖਾਣਾ ਕੰਮ ਕਰਦੇ ਸਨ। ਸ. ਆਸਾ ਸਿੰਘ ਪਿੰਡ ਰਸੂਲਪੁਰ ਛੱਡ ਕੇ ਅੰਮ੍ਰਿਤਸਰ ਚੀਲ ਮੰਡੀ ਵਿੱਚ ਦੁਕਾਨ ਖ਼ਰੀਦ ਕੇ ਕਾਰੋਬਾਰ ਕਰਨ ਲੱਗ ਪਏ। ਅੰਮ੍ਰਿਤਸਰ ਦੇ ਮਿਸ਼ਨ ਸਕੂਲ ਵਿੱਚੋਂ ਭਾਈ ਰਾਮ ਸਿੰਘ ਨੇ 10ਵੀਂ ਤੱਕ ਦੀ ਪੜ੍ਹਾਈ ਕੀਤੀ ਅਤੇ ਨਾਲ ਹੀ ਆਪਣੇ ਪਿਤਾ ਨਾਲ ਤਰਖਾਣਾ ਕੰਮ ਵਿੱਚ ਹੱਥ ਵਟਾਉਣ ਲੱਗ ਪਏ। ਭਾਈ ਰਾਮ ਸਿੰਘ ਦੇ ਹੱਥਾਂ ਵਿੱਚ ਬਹੁਤ ਹੁਨਰ ਸੀ ਅਤੇ ਉਸਦੇ ਕੰਮ ਤੋਂ ਸਾਰੇ ਹੀ ਹੈਰਾਨ ਸਨ।

ਪਾਕਿਸਤਾਨ ਦੇ ਲਾਹੌਰ ਸਥਿਤ ਆਰਟੀਸ਼ਨ ਕਾਲਜ ਦੀ ਪ੍ਰੋਫੈਸਰ ਜੋੜੀ ਪ੍ਰਵੇਜ਼ ਵੰਡਾਲ ਅਤੇ ਸਾਜ਼ਿਦਾ ਵੰਡਾਲ ਨੇ ਭਾਈ ਰਾਮ ਸਿੰਘ ਦੇ ਜੀਵਨ ਬਾਰੇ ਲਿਖੀ ਕਿਤਾਬ 'ਦਾ ਰਾਜ ਲਾਹੌਰ ਐਂਡ ਭਾਈ ਰਾਮ ਸਿੰਘ' ਵਿੱਚ ਲਿਖਦੇ ਹਨ ਕਿ ਓਨੀ ਦਿਨੀਂ ਲਾਹੌਰ ਆਰਟ ਸਕੂਲ ਦਾ ਇੱਕ ਅਧਿਆਪਕ ਹਾਰਵੇ, ਅੰਮ੍ਰਿਤਸਰ ਆਉਂਦਾ ਜਾਂਦਾ ਰਹਿੰਦਾ ਸੀ। ਭਾਈ ਰਾਮ ਸਿੰਘ ਦੇ ਅਧਿਆਪਕਾਂ ਨੇ ਉਸ ਨੂੰ ਬੱਚੇ ਦੀ ਤੀਖਣ ਬੁੱਧ ਦੀ ਦੱਸ ਪਾਈ। ਜਨਵਰੀ 1874 ਵਿੱਚ ਉਹ ਰਾਮ ਸਿੰਘ ਨੂੰ ਲਾਹੌਰ ਲੈ ਗਿਆ ਅਤੇ ਓਥੇ ਦੇ ਆਰਟ ਸਕੂਲ ਵਿੱਚ ਦਾਖਲ ਹੋ ਗਿਆ। ਪਹਿਲਾਂ ਸਕੂਲ ਦਾ ਨਾਮ ਲਾਹੌਰ ਸਕੂਲ ਆਫ਼ ਕਾਰਪੈਂਟਰੀ ਸੀ ਤੇ ਕਲਾਸਾਂ ਡੀ.ਪੀ.ਆਈ. ਦਫ਼ਤਰ ਦੇ ਵਰਾਂਡੇ ਵਿੱਚ ਲਗਦੀਆਂ ਸਨ, ਸਕੂਲ ਦੀ ਇਮਾਰਤ ਅਜੇ ਬਣਨੀ ਸੀ। ਸਰਕਾਰ ਇਸ ਸਕੂਲ ਨੂੰ ਪੈਸਾ ਨਹੀਂ ਦਿੰਦੀ ਸੀ। ਮਾਸਟਰ ਆਪਣੇ ਵਿਦਿਆਰਥੀਆਂ ਤੋਂ ਲੋਕਾਂ ਦੇ ਕੰਮ ਕਰਵਾਉਣੇ, ਜੋ ਪੈਸਾ ਆਵੇ ਉਸ ਨਾਲ ਖਰਚਾ ਕੱਢਣਾ। ਇਹ ਸਕੂਲ ਮਾਸਟਰਾਂ ਨੂੰ ਤਨਖ਼ਾਹਾਂ ਦੇਣ ਜੋਗਾ ਵੀ ਨਹੀਂ ਸੀ। ਆਖ਼ਰ 1875 ਵਿੱਚ ਮੇਓ ਸਕੂਲ ਸਥਾਪਿਤ ਹੋਇਆ ਜਿਸ ਵਿੱਚ ਕੁੱਲ ਵੀਹ ਵਿਦਿਆਰਥੀ ਦਾਖਲ ਹੋਏ। ਲਾਹੌਰ ਵਿਖੇ ਬੰਗਾਲ ਬੈਂਕ ਪਿੱਛੇ ਅਨਾਰਕਲੀ ਬਾਜ਼ਾਰ ਵਿੱਚ ਇੱਕ ਇਮਾਰਤ ਕਿਰਾਏ ਤੇ ਲੈ ਲਈ ਗਈ। ਗੋਰੇ ਅਧਿਆਪਕਾਂ ਨਾਲ ਅੰਗਰੇਜ਼ੀ ਵਿੱਚ ਗੱਲਾਂ ਕਰਨੀਆਂ ਰਾਮ ਸਿੰਘ ਬਾਕੀਆਂ ਵਿਦਿਆਰਥੀਆਂ ਤੋਂ ਪਹਿਲਾਂ ਸਿੱਖ ਗਿਆ। ਪਹਿਲੀ ਸਾਲਾਨਾ ਸਕੂਲ ਰਿਪੋਰਟ ਵਿੱਚ ਮੇਓ ਸਕੂਲ ਦੇ ਪ੍ਰਿੰਸੀਪਲ ਕਿਪਲਿੰਗ ਨੇ ਲਿਖਿਆ ਸੰਗਮਰਮਰ ਤਰਾਸ਼ਣ ਵਾਲੇ ਸ਼ਿਲਪੀ ਦਾ ਬੇਟਾ ਮੁਹੰਮਦ ਦੀਨ, ਕਾਰਪੈਂਟਰੀ ਸਕੂਲ ਦਾ ਰਾਮ ਸਿੰਘ, ਸ਼ੇਰ ਮੁਹੰਮਦ ਲੁਹਾਰ ਅਤੇ ਐਡਵਿਨ ਹੋਲਡਨ ਹੋਣਹਾਰ ਵਿਦਿਆਰਥੀ ਹਨ ਪਰ ਰਾਮ ਸਿੰਘ ਕਿਸੇ ਵੱਡੇ ਇੰਜੀਨੀਅਰ ਦਾ ਸਹਾਇਕ ਲੱਗ ਕੇ ਉੱਚੀਆਂ ਮੰਜ਼ਿਲਾਂ ਛੂਹੇਗਾ। ਕਾਰਪੈਂਟਰ ਨਹੀਂ ਰਹੇਗਾ, ਇਮਾਰਤਸਾਜ਼ ਬਣੇਗਾ। ਉਹ ਪੁਰਾਣੀਆਂ ਲੀਹਾਂ ਛੱਡ ਕੇ ਨਵਾਂ ਰਸਤਾ ਤਲਾਸ਼ਣ ਦੇ ਸਮਰੱਥ ਹੈ। ਭਵਿੱਖ ਵਿੱਚ ਪ੍ਰਿੰਸੀਪਲ ਕਿਪਲਿੰਗ ਦੀ ਇਹ ਭਵਿੱਖਬਾਣੀ ਬਿਲਕੁਲ ਸੱਚ ਸਾਬਤ ਹੋਈ ਅਤੇ ਭਾਈ ਰਾਮ ਸਿੰਘ ਦੁਨੀਆਂ ਦਾ ਮਹਾਨ ਇਮਾਰਤਸਾਜ਼ ਬਣਿਆ।

ਕਹਿੰਦੇ ਹਨ ਕਿ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਦੀ ਮੇਮ ਸਾਹਿਬਾ ਦਾ ਪਿਆਨੋ ਖ਼ਰਾਬ ਹੋ ਗਿਆ। ਇਸ ਦੀ ਮੁਰੰਮਤ ਅਤੇ ਪਾਲਿਸ਼ ਕਰਨ ਲਈ ਆਮ ਮਿਸਤਰੀ ਨੂੰ ਥੋੜ੍ਹਾ ਸੱਦਣਾ ਸੀ? ਭਾਲ ਸ਼ੁਰੂ ਹੋਈ, ਦੱਸਿਆ ਗਿਆ ਕਿ ਜ਼ਿਲ੍ਹੇ ਵਿੱਚ 16 ਸਾਲ ਦੀ ਉਮਰ ਦੇ ਰਾਮ ਸਿੰਘ ਤੋਂ ਵੱਧ ਕੇ ਕੋਈ ਕਾਰੀਗਰ ਨਹੀਂ। ਆਖ਼ਰ ਰਾਮ ਸਿੰਘ ਨੂੰ ਸੱਦਿਆ ਗਿਆ। ਉਸਨੇ ਇਹ ਕੰਮ ਸਿਰੇ ਚਾੜ੍ਹ ਕੇ ਡਿਪਟੀ ਕਮਿਸ਼ਨਰ ਕੋਲੋਂ ਸ਼ਾਬਾਸ਼ੀ ਲਈ। ਇਹ ਕੰਮ ਰਾਮ ਸਿੰਘ ਨੇ ਸਕੂਲ ਵਿੱਚੋਂ ਨਹੀਂ ਸਗੋਂ ਆਪਣੇ ਪਿਤਾ ਪਾਸੋਂ ਸਿੱਖਿਆ ਸੀ। ਛੇ ਸਾਲ ਦੀ ਟਰੇਨਿੰਗ ਪੂਰੀ ਹੋਈ, ਰਾਮ ਸਿੰਘ ਨੂੰ ਇੱਕ ਅਪ੍ਰੈਲ 1883 ਦੇ ਦਿਨ ਅਸਿਸਟੈਂਟ ਮਾਸਟਰ ਵਜੋਂ ਇਸੇ ਸਕੂਲ ਵਿੱਚ ਨੌਂਕਰੀ ਦਿੱਤੀ ਗਈ। ਰਾਮ ਸਿੰਘ ਦੇ ਮੁੱਢਲੇ ਦਿਨ ਬੜੇ ਸਖ਼ਤ ਸਨ, ਕੇਵਲ ਕਲਾਸ ਰੂਮ ਵਿੱਚ ਪੜ੍ਹਾਉਣਾ ਨਹੀਂ, ਸਰਕਾਰ ਦੇ ਪੱਤਰ ਆਉਂਦੇ ਹੀ ਰਹਿੰਦੇ, ਇਹ ਇਮਾਰਤ ਬਣਾਉਣੀ ਹੈ, ਫਿਰ ਉਹ ਇਮਾਰਤ ਬਣਾਉਣੀ ਹੈ। ਕੇਵਲ ਨਕਸ਼ਾ ਨਹੀਂ ਬਣਾਉਣਾ, ਬਣਦੀ ਇਮਾਰਤ ਦੀ ਨਿਗਰਾਨੀ ਵੀ ਕਰਨੀ ਹੈ। ਥਾਂ-ਥਾਂ ਨੁਮਾਇਸ਼ਾਂ ਲੱਗਦੀਆਂ, ਉਨ੍ਹਾਂ ਦਾ ਪ੍ਰਬੰਧਕ ਰਾਮ ਸਿੰਘ ਨੂੰ ਲਗਾਇਆ ਜਾਂਦਾ। ਰਾਜੇ, ਵਜ਼ੀਰ, ਧਨੀ ਸੇਠ ਆਪਣੀਆਂ ਹਵੇਲੀਆਂ ਲਈ ਨਕਸ਼ੇ ਬਣਵਾਉਣ ਆਉਂਦੇ। ਰਾਮ ਸਿੰਘ ਬੜੀ ਮਿਹਨਤ ਤੇ ਲਗਨ ਨਾਲ ਇਹ ਸਭ ਕੰਮ ਕਰਨ ਲੱਗਾ।

ਇੰਗਲੈਂਡ ਦੀ ਮਹਾਰਾਣੀ ਵਿਕਟੋਰੀਆ ਭਾਰਤੀ ਕਲਾ ਤੋਂ ਬਹੁਤ ਮੁਤਾਸਰ ਸੀ। ਉਹ ਅਸਬਰਨ ਵਿਖੇ ਆਪਣਾ ਸਰਦੀਆਂ ਦਾ ਮਹਿਲ ਭਾਰਤੀ ਕਲਾ ਅਨੁਸਾਰ ਤਿਆਰ ਕਰਾਉਣਾ ਚਾਹੁੰਦੀ ਸੀ। ਮਲਿਕਾ ਨੂੰ ਭਾਈ ਰਾਮ ਸਿੰਘ ਦੀ ਮੁਹਾਰਤ ਦਾ ਪਤਾ ਲੱਗ ਚੁੱਕਾ ਸੀ ਪਰ ਫਿਰ ਵੀ ਉਸ ਸੋਚਦੀ ਸੀ ਕਿ ਸ਼ਾਇਦ ਭਾਰਤ ਵਿੱਚ ਰਾਮ ਸਿੰਘ ਤੋਂ ਵਧੀਆ ਵੀ ਡਿਜ਼ਾਈਨਰ ਹੋਣ। ਮਲਿਕਾ ਨੇ ਕਿਹਾ ਕਿ ਇਸ ਕੰਮ ਲਈ ਇਸ਼ਤਿਹਾਰ ਜਾਰੀ ਕੀਤਾ ਜਾਵੇ ਅਤੇ ਨਾਲ ਹੀ ਟੈਂਡਰ ਵੀ ਮੰਗੇ ਜਾਣ। ਅਜੇ ਇਹ ਕਾਰਵਾਈ ਚੱਲ ਹੀ ਰਹੀ ਸੀ ਕਿ ਉਨ੍ਹੀਂ ਦਿਨੀਂ ਸੰਨ 1890 ਵਿੱਚ ਮੇਓ ਸਕੂਲ ਦੇ ਪ੍ਰਿੰਸੀਪਲ ਕਿਪਲਿੰਗ ਇੰਗਲੈਂਡ ਵਿੱਚ ਹੀ ਸਨ। ਇੱਕ ਦਿਨ ਉਨ੍ਹਾਂ ਨੇ ਮਹਾਰਾਣੀ ਵਿਕਟੋਰੀਆ ਨਾਲ ਮੁਲਾਕਾਤ ਕੀਤੀ ਤਾਂ ਮਲਿਕਾ ਨੇ ਕਿਪਲਿੰਗ ਨਾਲ ਆਪਣੇ ਮਹਿਲ ਨੂੰ ਭਾਰਤੀ ਕਲਾ ਅਨੁਸਾਰ ਬਣਾਉਣ ਦੀ ਇੱਛਾ ਜ਼ਾਹਿਰ ਕੀਤੀ। ਕਿਪਲਿੰਗ ਨੇ ਕਿਹਾ ਕਿ ਭਾਈ ਰਾਮ ਸਿੰਘ ਤੋਂ ਵਧੀਆ ਹੋਰ ਕੋਈ ਇਹ ਕੰਮ ਨਹੀਂ ਕਰ ਸਕਦਾ। ਮਲਿਕਾ ਵਿਕਟੋਰੀਆ ਮੰਨ ਗਈ। ਭਾਈ ਰਾਮ ਸਿੰਘ ਵੱਲੋਂ ਸ਼ਰਤਾਂ ਕਿਪਲਿੰਗ ਨੇ ਤੈਅ ਕੀਤੀਆਂ, ਸੌ ਪੌਂਡ ਸਫ਼ਰ ਖ਼ਰਚ, ਪੰਜ ਪੌਂਡ ਹਫ਼ਤਾ ਤਨਖ਼ਾਹ, ਮਹਿਲ ਨੇੜੇ ਮੁਫ਼ਤ ਰਿਹਾਇਸ਼। ਖਾਣਾ ਖ਼ੁਦ ਬਣਾ ਲਏਗਾ ਕਿਉਂਕਿ ਹਲਾਲ ਅਤੇ ਤਮਾਕੂ ਦਾ ਪਰਹੇਜ਼ਗਾਰ ਹੈ, ਮਰ ਜਾਏਗਾ ਪਰ ਇਹ ਦੋ ਵਸਤਾਂ ਛੂਹੇਗਾ ਵੀ ਨਹੀਂ।

ਭਾਈ ਰਾਮ ਸਿੰਘ ਨੂੰ ਸਕੂਲ ਵਿੱਚੋਂ ਇੱਕ ਮਹੀਨੇ ਦੀ ਛੁੱਟੀ ਦਿੱਤੀ ਗਈ ਤਾਂ ਕਿ ਉੱਥੋਂ ਦੇ ਕਾਰੀਗਰਾਂ ਨੂੰ ਨਕਸ਼ੇ ਸਮਝਾ ਕੇ ਕੰਮ ਦੀ ਰੂਪ-ਰੇਖਾ ਤਿਆਰ ਕਰਵਾ ਕੇ ਪਰਤ ਆਵੇਗਾ। ਬੰਬਈ ਤੋਂ ਸਮੁੰਦਰੀ ਜਹਾਜ਼ ਰਾਹੀਂ ਪੈਰਿਸ ਗਏ, ਪੈਰਿਸ ਤੋਂ ਟਰੇਨ ਫੜਕੇ ਲੰਡਨ। ਲੈਣ ਵਾਸਤੇ ਰੇਲਵੇ ਸਟੇਸ਼ਨ ਉਸ ਦਾ ਪ੍ਰਿੰਸੀਪਲ ਕਿਪਲਿੰਗ ਖ਼ੁਦ ਪੁੱਜਿਆ। ਕੁਝ ਦਿਨ ਪ੍ਰਿੰਸੀਪਲ ਨੇ ਆਪਣੇ ਘਰ ਰੱਖਿਆ। ਫਿਰ ਅਸਬਰਨ ਪੁੱਜ ਗਏ ਜਿੱਥੇ ਮਲਿਕਾ ਉਡੀਕ ਰਹੀ ਸੀ। ਭਾਈ ਰਾਮ ਸਿੰਘ ਦਾ ਸਾਰਾ ਖ਼ਰਚ ਮਹਿਲ ਅਦਾ ਕਰੇ। ਜੈਕਸਨ ਐਂਡ ਸੰਜ਼ ਕੰਪਨੀ ਨੂੰ ਠੇਕਾ ਦਿੱਤਾ ਗਿਆ। ਮਹੀਨੇ ਬਾਅਦ ਵਾਪਸ ਆਉਣਾ ਚਾਹਿਆ ਤਾਂ ਕੰਪਨੀ ਦੇ ਕਾਰੀਗਰ ਕਹਿਣ ਲੱਗੇ, ਰਾਮ ਸਿੰਘ ਦੀ ਗ਼ੈਰ ਹਾਜ਼ਰੀ ਵਿੱਚ ਕੰਮ ਨਹੀਂ ਹੋ ਸਕਦਾ। ਉਸ ਨੂੰ ਇੱਥੇ ਹੀ ਰਹਿਣਾ ਪਏਗਾ। ਛੇ ਮਹੀਨਿਆਂ ਦੀ ਛੁੱਟੀ ਹੋਰ ਲੈ ਲਈ। ਛੇ ਮਹੀਨੇ ਬੀਤ ਗਏ। ਕੰਮ ਦੀ ਸੂਖਮਤਾ ਦਾ ਸਭ ਨੂੰ ਫ਼ਿਕਰ ਸੀ ਤੇ ਰਾਮ ਸਿੰਘ ਪ੍ਰਾਜੈਕਟ ਦੀ ਜਾਨ ਸਨ। ਡੇਢ ਸਾਲ ਹੋਰ ਲੱਗ ਗਿਆ। ਅਖੀਰ ਮਾਰਚ 31, 1893 ਨੂੰ ਸਮਾਪਤੀ ਹੋਈ ਅਤੇ ਉਸ ਸਮੇਂ ਤੱਕ ਸਵਾ ਦੋ ਸਾਲ ਬੀਤ ਚੁੱਕੇ ਸਨ। 60 ਬਾਈ 30 ਫੁੱਟ ਆਕਾਰ ਦਾ ਦਰਬਾਰ ਹਾਲ 20 ਫੁੱਟ ਉੱਚਾ ਸੀ। ਜੈਕਸਨ ਕੰਪਨੀ ਨੇ ਆਪਣਾ ਸਟੂਡੀਓ ਭਾਈ ਰਾਮ ਸਿੰਘ ਵਾਸਤੇ ਮਹਿਲ ਵਿੱਚ ਲੈ ਆਂਦਾ। ਕੰਪਨੀ ਨੂੰ 2250 ਪੌਂਡ ਲੇਬਰ ਦਾ ਖ਼ਰਚਾ ਦੇਣਾ ਕੀਤਾ ਸੀ ਜੋ ਭਾਈ ਰਾਮ ਸਿੰਘ ਦੀਆਂ ਲੋੜਾਂ ਮੁਤਾਬਿਕ ਵਧਾਉਣਾ ਪਿਆ। ਫ਼ੈਸਲਾ ਹੋਇਆ ਕਿ ਫਾਇਰ ਪਲੇਸ ਦੀ ਚਿਮਨੀ ਪੈਲ ਪਾਉਂਦੇ ਮੋਰ ਤੋਂ ਸ਼ੁਰੂ ਕਰਕੇ ਉੱਪਰ ਵੱਲ ਵਧੇ। ਲੱਕੜ ਦਾ ਮੋਰ ਬਣਾਉਣ ਵਾਸਤੇ ਭਾਈ ਰਾਮ ਸਿੰਘ ਦੇ 500 ਘੰਟੇ ਖ਼ਰਚ ਹੋਏ। ਦਰਬਾਰ ਹਾਲ ਤਿਆਰ ਹੋ ਗਿਆ। ਅਜੇ ਕਿਹੜਾ ਕੰਮ ਮੁੱਕ ਗਿਆ ਸੀ? ਭਾਰਤੀ ਫ਼ਰਨੀਚਰ ਹੋਰ ਕੌਣ ਤਿਆਰ ਕਰੇ? ਇਸ ਵਾਸਤੇ ਵੀ ਭਾਈ ਰਾਮ ਸਿੰਘ ਹੀ ਚਾਹੀਦਾ ਸੀ। ਲੰਮਾ ਡਾਇਨਿੰਗ ਟੇਬਲ ਅਤੇ 36 ਕੁਰਸੀਆਂ ਤਿਆਰ ਕਰਨੀਆਂ ਸਨ, ਬੈਠਣ ਲਈ ਕੰਧਾਂ ਦੇ ਨਾਲ-ਨਾਲ ਕੁਰਸੀਆਂ, ਸੋਫ਼ੇ, ਸਾਈਡ ਟੇਬਲ।

ਭਾਈ ਰਾਮ ਸਿੰਘ ਦੇ ਹੱਥਾਂ ਰਾਹੀਂ ਭਾਰਤੀ ਹੁਨਰ ਯੂਰਪ ਵਿੱਚ ਪਹੁੰਚ ਗਿਆ। ਜਿਸ ਪਾਸੇ ਦਰਸ਼ਕ ਦੀਆਂ ਨਿਗਾਹਾਂ ਜਾਂਦੀਆਂ, ਉੱਥੇ ਹੀ ਜਮ ਜਾਂਦੀਆਂ। ਜਦੋਂ ਦਰਬਾਰ ਹਾਲ ਦਾ ਕੰਮ ਮੁਕੰਮਲ ਹੋਇਆ ਤਾਂ ਮਹਾਰਾਣੀ ਵਿਕਟੋਰੀਆ ਅਤੇ ਸ਼ਹਿਜ਼ਾਦੀ ਲੂਈ ਇਸ ਦੀ ਸ਼ਾਨ ਦੇਖ ਕੇ ਏਨੀਆਂ ਖ਼ੁਸ਼ ਹੋਈਆਂ ਕਿ ਉਨ੍ਹਾਂ ਨੇ ਸਤਿਕਾਰ ਵਜੋਂ ਭਾਈ ਰਾਮ ਸਿੰਘ ਦੇ ਹੱਥ ਚੁੰਮ ਲਏ। ਭਾਈ ਰਾਮ ਸਿੰਘ ਦੀ ਕਲਾ ਤੋਂ ਖ਼ੁਸ਼ ਹੋ ਕੇ ਕੁਈਨ ਵਿਕਟੋਰੀਆ ਨੇ ਦਸਤਖ਼ਤ ਕਰਕੇ ਆਪਣੀ ਫ਼ੋਟੋ ਅਤੇ ਇੱਕ ਸੋਨੇ ਦਾ ਪੈਨਸਿਲ ਕੇਸ ਤੋਹਫ਼ੇ ਵਜੋਂ ਭਾਈ ਰਾਮ ਸਿੰਘ ਨੂੰ ਦਿੱਤਾ। ਕੁਈਨ ਵਿਕਟੋਰੀਆ ਨੇ ਆਪਣੇ ਦਰਬਾਰੀ ਕਲਾਕਾਰ, ਆਸਟ੍ਰੀਆ, ਰੁਦੋਲਫ ਸਵੋਬੋਡਾ ਨੂੰ ਭਾਈ ਰਾਮ ਸਿੰਘ ਦੀ ਤਸਵੀਰ ਨੂੰ ਚਿਤਰਿਤ ਕਰਨ ਲਈ ਕਿਹਾ, ਜਿਸ ਨੇ ਭਾਈ ਰਾਮ ਸਿੰਘ ਦਾ ਇੱਕ ਚਿੱਤਰ ਬਣਾਇਆ ਜੋ ਅੱਜ ਵੀ ਉਸ ਦਰਬਾਰ ਹਾਲ ਵਿੱਚ ਲੱਗਾ ਹੋਇਆ ਹੈ। ਇੱਕ ਵਾਰ ਪੰਜਾਬ ਦੇ ਗਵਰਨਰ ਨੇ ਭਾਈ ਰਾਮ ਸਿੰਘ ਨੂੰ ਕਲਾ ਦਾ ਇੱਕ ਉੱਤਮ ਨਮੂਨਾ ਤਿਆਰ ਕਰਨ ਲਈ ਕਿਹਾ। ਭਾਈ ਰਾਮ ਸਿੰਘ ਨੇ 'ਤਖ਼ਤ-ਏ-ਤਾਊਸ' ਦਾ ਨਿਰਮਾਣ ਕੀਤਾ ਜਿਸ ਦੇ 6 ਹਿੱਸੇ ਸਨ। ਗਵਰਨਰ ਨੇ ਕਲਾ ਦਾ ਇਹ ਨਮੂਨਾ ਕੁਈਨ ਵਿਕਟੋਰੀਆ ਕੋਲ ਇੰਗਲੈਂਡ ਭੇਜਿਆ ਪਰ ਉਥੇ ਕੋਈ ਵੀ ਇਨ੍ਹਾਂ 6 ਭਾਗਾਂ ਨੂੰ ਫਿੱਟ ਨਾ ਕਰ ਸਕਿਆ। ਅਖੀਰ ਭਾਈ ਰਾਮ ਸਿੰਘ ਖ਼ੁਦ ਇੰਗਲੈਂਡ ਜਾ ਕੇ 'ਤਖ਼ਤ-ਏ-ਤਾਊਸ' ਦੇ 6 ਭਾਗਾਂ ਨੂੰ ਆਪਸ ਵਿੱਚ ਜੋੜ ਕੇ ਆਏ।

ਇਸ ਤੋਂ ਇਲਾਵਾ ਭਾਈ ਰਾਮ ਸਿੰਘ ਨੇ ਲੇਖ ਦੇ ਸ਼ੁਰੂ ਵਿੱਚ ਦੱਸੀਆਂ ਮਹਾਨ ਵਿਰਾਸਤੀ ਇਮਾਰਤਾਂ ਦੀ ਸਿਰਜਣਾ ਵੀ ਕੀਤੀ।

1886 ਵਿੱਚ ਇੰਡੋ ਕੋਲੋਨੀਅਲ ਨੁਮਾਇਸ਼ ਲੰਡਨ ਵਿੱਚ, 1888 ਗਲਾਸਗੋ ਵਿੱਚ, 1889 ਬੰਬੇ ਵਿੱਚ ਆਰਟ ਐਗਜ਼ੀਬੀਸ਼ਨਜ਼ ਲੱਗੀਆਂ ਜਿੱਥੇ ਭਾਰਤ ਦੀ ਨੁਮਾਇੰਦਗੀ ਭਾਈ ਰਾਮ ਸਿੰਘ ਨੇ ਕੀਤੀ। ਉਹ ਹਰ ਥਾਂ 250 ਫੁੱਟ ਦਾ ਲੱਕੜ ਦਾ ਪਰਦਾ ਲਿਜਾਂਦੇ ਜਿਸ ਉੱਪਰ ਉਨ੍ਹਾਂ ਖ਼ੁਦ ਖੁਣਾਈ ਕੀਤੀ ਹੋਈ ਸੀ, ਫੁੱਲ ਬੂਟਿਆਂ ਦੇ ਬਾਗ ਵਿੱਚ ਪਸ਼ੂ ਪੰਛੀ, ਪੈਲਾਂ ਪਾਉਂਦੇ ਮੋਰ ਉੱਕਰੇ ਹੋਏ ਸਨ। ਦਿੱਲੀ ਆਰਟ ਐਗਜ਼ੀਬੀਸ਼ਨ 1903 ਵਿੱਚ ਹੋਇਆ, ਭਾਈ ਰਾਮ ਸਿੰਘ ਦੀਆਂ ਲੱਕੜ ਵਿੱਚ ਖੁਣੀਆਂ ਵਸਤਾਂ ਦਸ ਹਜ਼ਾਰ ਰੁਪਏ ਦੀਆਂ ਵਿਕੀਆਂ। ਟਾਹਲੀ ਦੀ ਲੱਕੜ ਉੱਪਰ ਖੁਣਾਈ ਕੀਤਾ ਬੋਰਡ ਪੰਜ ਰੁਪਏ ਨੂੰ ਵਿਕਿਆ ਤੇ ਉਨ੍ਹਾਂ ਸਿਲਵਰ ਮੈਡਲ ਜਿੱਤਿਆ। ਐਡਵਰਡ ਅੱਠਵੇਂ ਦੀ ਤਾਜਪੋਸ਼ੀ ਦੇ ਜਸ਼ਨ ਮਨਾਉਣ ਲਈ 1905 ਵਿੱਚ ਦਿੱਲੀ ਦਰਬਾਰ ਹੋਣਾ ਤੈਅ ਹੋਇਆ। ਇਸ ਵਿੱਚ ਲੱਗਣ ਵਾਲੀ ਨੁਮਾਇਸ਼ ਦਾ ਪ੍ਰਬੰਧ ਭਾਈ ਰਾਮ ਸਿੰਘ ਨੂੰ ਸੌਂਪਿਆ ਜੋ ਉਸਨੇ ਬਾਖ਼ੂਬੀ ਨਿਭਾਇਆ।

ਭਾਈ ਰਾਮ ਸਿੰਘ ਨੂੰ 25 ਸਤੰਬਰ 1910 ਨੂੰ ਪ੍ਰਿੰਸੀਪਲ ਨਿਯੁਕਤ ਕੀਤਾ ਗਿਆ ਸੀ ਅਤੇ 38 ਸਾਲਾਂ ਲਈ ਮੇਯੋ ਸਕੂਲ ਆਫ਼ ਆਰਟਸ ਵਿਖੇ ਰਹਿਣ ਤੋਂ ਬਾਅਦ ਅਕਤੂਬਰ 1913 ਵਿਚ ਸੇਵਾ ਤੋਂ ਸੇਵਾ ਮੁਕਤ ਹੋ ਗਏ। ਇਹ ਵਰਨਣਯੋਗ ਹੈ ਕਿ ਇਕ ਸਿੱਖ, ਜਿਸ ਦੀ ਕੋਈ ਰਸਮੀ ਯੋਗਤਾ ਨਹੀਂ ਸੀ, ਉਸ ਨੂੰ ਬ੍ਰਿਟਿਸ਼ ਰਾਜ ਦੁਆਰਾ ਇਕ ਮਸ਼ਹੂਰ ਕਲਾ ਸੰਸਥਾ ਦਾ ਪ੍ਰਿੰਸੀਪਲ ਨਿਯੁਕਤ ਕੀਤਾ ਗਿਆ ਸੀ ਅਤੇ ਇਕ ਅੰਗਰੇਜ਼ ਨੂੰ ਦੋ ਨੰਬਰ 'ਤੇ ਰੱਖਿਆ ਗਿਆ ਸੀ।

ਭਾਈ ਰਾਮ ਸਿੰਘ ਦੇ ਪੰਜ ਬੇਟੇ ਤੇ ਦੋ ਧੀਆਂ ਸਨ। ਚੌਥਾ ਬੇਟਾ ਸੁਖਚਰਨ ਸਿੰਘ ਮੇਓ ਸਕੂਲ ਵਿੱਚ ਪੜ੍ਹਿਆ ਤੇ ਅੰਮ੍ਰਿਤਸਰ ਦਾ ਮਸ਼ਹੂਰ ਚਿੱਤਰਕਾਰ ਰਿਹਾ, ਦੂਜਾ ਸੁਲੱਖਣ ਸਿੰਘ, ਇੰਜੀਨੀਅਰਿੰਗ ਕਰਕੇ ਗਲਾਸਗੋ ਚਲਾ ਗਿਆ। ਸਭ ਤੋਂ ਵੱਡਾ ਮੱਖਣ ਸਿੰਘ ਪਿਤਾ ਨਾਲ ਕੰਮ ਕਰਦਾ। ਸਾਲ 1916, ਰਿਟਾਇਰਮੈਂਟ ਤੋਂ ਤਿੰਨ ਸਾਲ ਬਾਅਦ 58 ਸਾਲ ਦੀ ਉਮਰ ਵਿੱਚ ਆਪਣੀ ਧੀ ਦੇ ਘਰ ਦਿੱਲੀ ਵਿੱਚ ਉਨ੍ਹਾਂ ਦਾ ਦੇਹਾਂਤ ਹੋਇਆ।

ਭਾਵੇਂ ਭਾਈ ਰਾਮ ਸਿੰਘ ਨੂੰ ਗੁਜ਼ਰੇ ਹੋਏ ਇੱਕ ਸਦੀ ਤੋਂ ਵੱਧ ਦਾ ਸਮਾਂ ਹੋ ਗਿਆ ਹੈ ਪਰ ਉਨ੍ਹਾਂ ਦੁਆਰਾ ਰਚੀਆਂ ਗਈਆਂ ਕ੍ਰਿਤਾਂ ਅੱਜ ਵੀ ਅਡੋਲ ਖੜ੍ਹੀਆਂ ਹਨ। ਭਾਈ ਰਾਮ ਸਿੰਘ ਦੀ ਕਲਾ ਏਨੀ ਬੁਲੰਦ ਸੀ ਕਿ ਸ਼ਬਦਾਂ ਵਿੱਚ ਉਸ ਨੂੰ ਬਿਆਨ ਨਹੀਂ ਕੀਤਾ ਜਾ ਸਕਦਾ। ਭਾਈ ਰਾਮ ਸਿੰਘ ਦੀ ਮਹਾਨ ਕਲਾ ਤੋਂ ਭਾਵੇਂ ਉਸਦੇ ਆਪਣੇ ਪਿੰਡ ਰਸੂਲਪੁਰ ਤੇ ਇਲਾਕੇ ਦੇ ਲੋਕ ਹੀ ਜਾਣੂ ਨਾ ਹੋਣ ਪਰ ਦੁਨੀਆਂ ਇਸ ਸਰਦਾਰ ਦੀ ਕਲਾ ਦਾ ਲੋਹਾ ਅੱਜ ਵੀ ਮੰਨ ਰਹੀ ਹੈ।

## ਸੁੱਖੀ ਵੱਸ ਬੇਟਾ

ਵਰਲਡ ਪੰਜਾਬੀ ਟਾਈਮਜ਼
ਸੁਰਜੀਤ ਸਾਰੰਗ

ਆਈ ਸੀ ਕੁਝ ਪਲਾਂ ਲਈ,
ਘਰ ਨੂੰ ਰੌਣਕ ਲਾ ਗਈ।
ਹੱਸਦੀ, ਬੋਲਦੀ, ਗਲਵੱਕੜੀ ਪਾ ਕੇ,
ਫੇਰ ਅੱਖ ਭਰ ਕੇ ਜਾ ਗਈ।

ਮਾਂ ਦਾ ਕਲੇਜਾ ਮੁੜਿਆ ਜਾਦਾ,
ਦਰਵਾਜ਼ੇ ਤੱਕ ਨਜ਼ਰਾਂ ਜਾਣ।
ਹੋਠਾਂ 'ਤੇ ਬਸ ਇੱਕੋ ਦੁਆ,
"ਸੁੱਖੀ ਵੱਸ ਬੇਟਾ, ਮੇਰੀ ਜਾਨ।"

ਤੇਰੇ ਸੁਹਰਾਵ 'ਚ ਰਹਿਮਤ ਹੋਵੇ,
ਸੱਸ-ਸਹੁਰਾ ਤੈਨੂੰ ਮਾਂ-ਪਿਓ ਲੱਗਣ।
ਜਿੱਥੇ ਪੈਰ ਧਰੇਂ ਧੀਏ,
ਉੱਥੇ ਖੁਸ਼ੀਆਂ ਦੇ ਫੁੱਲ ਜੱਗਣ।

ਕਦੇ ਉਦਾਸ ਹੋਵੇਂ ਤਾਂ ਅੱਖ ਬੰਦ ਕਰਕੇ,
ਮਾਂ ਦਾ ਹੱਥ ਸਿਰ 'ਤੇ ਮਹਿਸੂਸੀਂ।
ਅਸੀਂ ਇੱਥੇ ਦੁਆਵਾਂ 'ਚ ਜਿਉਂਦੇ,
ਤੂੰ ਉੱਥੇ ਹੌਸਲੇ ਨਾਲ ਜਿਉਂਸੀਂ।

ਜਾ ਧੀਏ ਆਪਣਾ ਘਰ ਵਸਾ,
ਨਾਮ ਰੌਸ਼ਨ ਕਰੀਂ ਸਾਡਾ।
ਬਸ ਯਾਦ ਰੱਖੀਂ ਇੱਕ ਗੱਲ,
"ਮਾਂ ਦੀ ਦੁਆ ਤੇਰੇ ਨਾਲ ਆ।"

ਸੁੱਖੀ ਵੱਸ ਬੇਟਾ, ਸੁੱਖੀ ਵੱਸ

## ਗ਼ਜ਼ਲ

ਵਰਲਡ ਪੰਜਾਬੀ ਟਾਈਮਜ਼
ਗੁਰਭਜਨ ਗਿੱਲ

ਜ਼ੁਲਮ, ਜਬਰ ਦਾ ਕਹਿਰੀ ਚਿਹਰਾ ਜਰਿਆ ਜਾਂਦਾ ਨਹੀਂ।
ਰੋਜ਼ ਦਿਹਾੜੀ ਹੁਣ ਤਾਂ ਏਦਾਂ ਮਰਿਆ ਜਾਂਦਾ ਨਹੀਂ।

ਸੱਤ ਪੱਤਣਾਂ ਦੇ ਤਾਰੂ ਏਥੇ ਆ ਕੇ ਹਾਰ ਗਏ,
ਰੇਤ-ਛਲਾਵੇ ਅੰਦਰ ਤਾਂ ਹੁਣ ਤਰਿਆ ਜਾਂਦਾ ਨਹੀਂ।

ਹੱਕ ਸੱਚ ਤੇ ਇਨਸਾਫ਼ ਦੀ ਖ਼ਾਤਰ ਕਿੰਜ ਮਨਸੂਰ ਬਣਾਂ,
ਜ਼ਹਿਰ ਪਿਆਲਾ ਹੋਠਾਂ ਹੈ, ਘੁੱਟ ਭਰਿਆ ਜਾਂਦਾ ਨਹੀਂ।

ਦਲਦਲ ਅੰਦਰ ਧਸਦੇ ਜਾਈਏ, ਪਲ ਪਲ ਹੇਠਾਂ ਨੂੰ,
ਇਕ ਵੀ ਕਦਮ ਅਗਾਂਹ ਨੂੰ ਤਾਹੀਓਂ ਧਰਿਆ ਜਾਂਦਾ ਨਹੀਂ।

ਧਰਤੀ-ਪੁੱਤਰ ਬਣੀਏ, ਤਣੀਏ ਜ਼ਾਲਮ ਅੱਗੇ ਜੀ,
ਏਸ ਤਰ੍ਹਾਂ ਦਾ ਕਰਮ ਕਿਉਂ ਹੁਣ ਕਰਿਆ ਜਾਂਦਾ ਨਹੀਂ।

ਅਜਬ ਤਰ੍ਹਾਂ ਦੀ ਦਹਿਸ਼ਤ ਇਸ ਦੇ ਚਾਰ ਚੁਫ਼ੇਰੇ ਹੈ,
ਮਨ ਦਾ ਸੱਖਣਾ ਭਾਂਡਾ ਸਾਥੋਂ ਭਰਿਆ ਜਾਂਦਾ ਨਹੀਂ।

ਬੰਨ੍ਹ ਕਲੀਰੇ ਬੈਠੀ, ਕੰਜ-ਕੁਆਰੀ ਧੜਕਣ ਨੂੰ,
ਤਖ਼ਤਾ ਤਖ਼ਤ ਬਣਾਏ ਤੋਂ ਬਿਨ ਵਰਿਆ ਜਾਂਦਾ ਨਹੀਂ।

## ਅੱਖਾਂ

ਵਰਲਡ ਪੰਜਾਬੀ ਟਾਈਮਜ਼
ਕਰਮਜੀਤ ਕੌਰ ਮੁਕਤਸਰ



ਪਿਆਰੇ ਬੱਚਿਓ, ਅੱਖਾਂ ਸਾਡੇ ਸਰੀਰ ਦਾ ਇੱਕ ਅਹਿਮ ਹਿੱਸਾ ਹਨ। ਇਹਨਾਂ ਅੱਖਾਂ ਦੀ ਬਦੌਲਤ ਹੀ ਅਸੀਂ ਪ੍ਰਮਾਤਮਾ ਦੀ ਬਣਾਈ ਹੋਈ ਖ਼ੂਬਸੂਰਤ ਸ੍ਰਿਸ਼ਟੀ ਦਾ ਅਨੰਦ ਮਾਣ ਸਕਦੇ ਹਾਂ। ਸਿਆਣੇ ਕਹਿੰਦੇ ਹਨ, "ਅੱਖਾਂ ਗਈਆਂ ਜਹਾਨ ਗਿਆ"। ਸੱਚਮੁੱਚ, ਇਹਨਾਂ ਅੱਖਾਂ ਤੋਂ ਬਿਨਾਂ ਸਾਡਾ ਜੀਵਨ ਘੋਰ ਅੰਧਕਾਰ ਹੈ। ਕੇਵਲ ਤੇ ਕੇਵਲ ਇੱਕ ਸੰਘਣਾ ਕਾਲਾ ਹਨੇਰਾ....। ਸੋ ਅਸੀਂ ਸਮਝ ਸਕਦੇ ਹਾਂ ਕਿ ਪ੍ਰਮਾਤਮਾ ਦਾ ਬਖਸ਼ਿਆ ਹੋਇਆ ਪੰਜ-ਭੌਤਿਕ ਸਰੀਰ ਦਾ ਖ਼ੂਬਸੂਰਤ ਅੰਗ ਸਾਡੀਆਂ ਕੋਮਲ ਅੱਖਾਂ ਕਿੰਨੀਆਂ ਅਨਮੋਲ ਹਨ। ਇਹ ਅੱਖਾਂ ਸਾਡੇ ਚਿਹਰੇ ਦੀ ਸੁੰਦਰਤਾ ਨੂੰ ਹੀ ਚਾਰਚੰਨ ਨਹੀਂ ਲਾਉਂਦੀਆਂ ਸਗੋਂ ਮਨੁੱਖ ਦੇ ਅੰਦਰਲੇ ਭਾਵ ਨੂੰ ਵੀ ਉਜਾਗਰ ਕਰਦੀਆਂ ਹਨ। ਉਦਾਹਰਨ ਵਜੋਂ :- ਜੇਕਰ ਕੋਈ ਵਿਆਕਤੀ ਕਿਸੇ ਦੂਸਰੇ ਮਨੁੱਖ ਨੂੰ ਝੂਠ ਬੋਲ ਰਿਹਾ ਹੋਵੇ ਤਾਂ ਉਸਦੀਆਂ ਅੱਖਾਂ ਕਦੇ ਵੀ ਉਸ ਇਨਸਾਨ ਦਾ ਸਾਥ ਨਹੀਂ ਦੇਣਗੀਆਂ ਕਿਉਂਕਿ ਅੱਖਾਂ ਸਾਡੇ ਮਨ ਦਾ ਦਰਪਣ ਹੁੰਦੀਆਂ ਹਨ। ਇਹ ਹਮੇਸ਼ਾਂ ਉਹੀ ਪ੍ਰਗਟਾਵਾ ਕਰਦੀਆਂ ਹਨ ਜੋ ਉਸ ਮਨੁੱਖ ਦੇ ਅੰਦਰ ਵਿਚਾਰਾਂ ਵਿੱਚ ਚਲ ਰਿਹਾ ਹੁੰਦਾ ਹੈ।

ਇਸ ਕਰਕੇ ਸਾਨੂੰ ਆਪਣੀ ਜ਼ਿੰਦਗੀ ਵਿੱਚ ਕਦੇ ਵੀ ਘਬਰਾਉਣਾ ਨਹੀਂ ਚਾਹੀਦਾ। ਕਈ ਵਾਰ ਅਕਸਰ ਅਸੀਂ ਸੋਚਦੇ ਰਹਿੰਦੇ ਹਾਂ ਕਿ ਕੋਈ ਦੂਸਰਾ ਮਨੁੱਖ ਸਾਨੂੰ ਮੂਰਖ ਤਾਂ ਨਹੀਂ ਬਣਾ ਰਿਹਾ ਜਾਂ ਅਸੀਂ ਧੋਖੇ ਦਾ ਸ਼ਿਕਾਰ ਤੇ ਨਹੀਂ ਹੋ ਜਾਵਾਂਗੇ। ਇਸ ਡਰ ਨੂੰ ਸਦਾ ਲਈ ਆਪਣੇ ਮਨ ਵਿਚੋਂ ਬਾਹਰ ਕੱਢਣ ਲਈ ਸਾਨੂੰ ਅੱਖਾਂ ਦੀ ਭਾਸ਼ਾ ਨੂੰ ਸਮਝਣਾ ਬਹੁਤ ਜਰੂਰੀ ਹੁੰਦਾ ਹੈ।

ਜਿਵੇਂ ਕਿ, ਕਿਸੇ ਦੂਸਰੇ ਮਨੁੱਖ ਨਾਲ ਗੱਲਬਾਤ ਦੇ ਦੌਰਾਨ ਹਮੇਸ਼ਾਂ ਉਸਦੀਆਂ ਅੱਖਾਂ ਵਿੱਚ ਅੱਖਾਂ ਪਾ ਕੇ ਗੱਲ ਕਰੋ। ਜੇਕਰ ਸਾਹਮਣੇ ਵਾਲਾ ਨਜ਼ਰਾਂ ਚੁਰਾ ਕੇ ਗੱਲ ਕਰ ਰਿਹਾ ਹੈ ਤਾਂ ਤੁਰੰਤ ਕੋਈ ਅਹਿਮ ਫੈਸਲਾ ਕਦੇ ਨਾ ਲਵੋ। ਫੈਸਲੇ ਨੂੰ ਕੁਝ ਸਮੇਂ ਲਈ ਟਾਲ ਦਿਉ ਅਤੇ ਇਕਾਂਤ ਵਿਚ ਬੈਠ ਕੇ ਆਪਣੀ ਪੂਰੀ ਵਾਰਤਾਲਾਪ ਦਾ ਚਿੰਤਨ ਕਰੋ। ਇਸ ਪ੍ਰਕਿਰਿਆ ਨੂੰ ਕਰਨ ਤੋਂ ਪਹਿਲਾਂ ਆਪਣੀਆਂ ਅੱਖਾਂ ਨੂੰ ਹਲਕਾ ਬੰਦ ਕਰੋ। ਉਸ ਸ਼ਖਸ਼ ਨਾਲ ਆਪਣੀ ਹੋਈ ਗੱਲਬਾਤ ਨੂੰ ਆਪਣੇ ਚੇਤੇ ਵਿੱਚ ਦੁਹਰਾਉਂਦੇ ਜਾਉ। ਉਸਦੇ ਹਰ ਬੋਲ ਦਾ ਕੁੱਝ ਮਿੰਟ ਲਗਾਤਾਰ ਚਿੰਤਨ ਕਰੋ।

ਬਸ ਇਸੇ ਪ੍ਰਕਿਰਿਆ ਦੌਰਾਨ ਹੀ ਅਸੀਂ ਦੂਸਰੇ ਮਨੁੱਖ ਦੇ ਹਰ ਭਾਵ ਹਰ ਉਦੇਸ਼ ਨੂੰ ਸਮਝਣ ਵਿੱਚ ਪੂਰੀ ਤਰ੍ਹਾਂ ਸਫ਼ਲ ਹੋ ਜਾਵਾਂਗੇ। ਫਿਰ ਸਾਨੂੰ ਜ਼ਿੰਦਗੀ ਵਿਚ ਕੋਈ ਹਰਾ ਨਹੀਂ ਸਕਦਾ ਸਗੋਂ ਅਸੀਂ ਦੂਸਰਿਆਂ ਤੋਂ ਦੋ ਕਦਮ ਅੱਗੇ ਹੋ ਕੇ ਚੱਲਣਾ ਸਿੱਖ ਜਾਂਦੇ ਹਾਂ।

ਉਹ ਕਿਵੇਂ? ਆਓ ਜਾਣਦੇ ਹਾਂ।

ਬੱਚਿਓ, ਜਦੋਂ ਅਸੀਂ ਆਪਣੀ ਜ਼ਿੰਦਗੀ ਦਾ ਹਰ ਫੈਸਲਾ ਚਿੰਤਾਂ ਛੱਡ ਕੇ ਚਿੰਤਨ ਅਤੇ ਸਹਿਜ ਨਾਲ ਲੈਣਾ ਸ਼ੁਰੂ ਕਰ ਦਿੰਦੇ ਹਾਂ ਤਾਂ ਉਸ ਵਕਤ ਅਸੀਂ ਆਪਣੇ ਦਿਮਾਗ ਦੇ ਅਵਚੇਤਨ ਹਿੱਸੇ ਦਾ ਇਸਤੇਮਾਲ ਸ਼ੁਰੂ ਕਰ ਦਿੰਦੇ ਹਾਂ, ਜਿਹੜਾ ਪਹਿਲਾਂ ਅਸੀਂ ਕਦੇ ਕੀਤਾ ਹੀ ਨਹੀਂ ਸੀ। ਦਿਮਾਗ ਦੇ ਅਵਚੇਤਨ ਹਿੱਸੇ ਦੇ ਐਕਟੀਵੇਟ ਹੋਣ ਨੂੰ ਹੀ ਸਾਡੀ ਭਾਰਤੀ ਸੰਸਕ੍ਰਿਤੀ ਦੇ ਅਨੁਸਾਰ ਇਸ ਨੂੰ ਗਿਆਨ ਦੀ ਤੀਜੀ ਅੱਖ ਵੀ ਕਿਹਾ ਜਾਂਦਾ ਹੈ। ਇਸ ਗਿਆਨ ਦੀ ਅੱਖ ਖੁੱਲ੍ਹਦਿਆਂ ਹੀ ਮਨੁੱਖ ਗਿਆਨਵਾਨ, ਬਿਬੇਕ ਬੁੱਧ ਹੋ ਜਾਂਦਾ ਹੈ ਅਤੇ ਹਰ ਪਾਸੇ ਜਿੱਤ ਹਾਸਿਲ ਕਰਦਾ ਹੈ।

ਸਿਰਫ਼ ਲੋੜ ਹੈ ਸਾਨੂੰ ਆਪਣੀ ਅੰਦਰਲੀ ਸ਼ਕਤੀ ਨੂੰ ਜਗਾਉਣ ਦੀ। ਇਹ ਅੰਦਰਲੀ ਸ਼ਕਤੀ ਸਭ ਤੋਂ ਵੱਧ ਨਸ਼ਟ ਹੁੰਦੀ ਹੈ ਸਾਡੀਆਂ ਅੱਖਾਂ ਰਾਹੀਂ। ਆਪਣੀ ਸ਼ਕਤੀ ਨੂੰ ਨਸ਼ਟ ਹੋਣ ਤੋਂ ਬਚਾਉਣ ਲਈ ਸਾਨੂੰ ਆਪਣੀਆਂ ਅੱਖਾਂ ਦਾ ਪਰੋਪਰ ਖਿਆਲ ਰੱਖਣਾ ਬਹੁਤ ਜਰੂਰੀ ਹੁੰਦਾ ਹੈ। ਇਹ ਸਾਡੀ ਖੁਦ ਦੀ ਅਹਿਮ ਜਿੰਮੇਵਾਰੀ ਹੈ। ਇਸ ਲਈ ਆਪਣੇ ਸੁਨਹਿਰੀ ਸੁਪਨਿਆਂ ਨੂੰ ਪੂਰਾ ਕਰਨ ਲਈ ਹਮੇਸ਼ਾਂ ਉਹੀ ਦੇਖੋ ਜਿਸਦੇ ਦੇਖਣ ਨਾਲ ਸਾਡੀ ਜਿੰਦਗੀ ਹੋਰ ਬਿਹਤਰ ਹੋ ਜਾਵੇ ਅਤੇ ਸਾਡਾ ਭਵਿੱਖ ਉਜਵੱਲ।

ਖੈਰ! ਮੋਬਾਇਲ ਦੀ ਬੇਲੋੜੀ ਵਰਤੋਂ ਤੋਂ ਪਰਹੇਜ ਕਰਦਿਆਂ ਆਪਣੀ ਰੋਜਮਰਾਂ ਦੀ ਜਿੰਦਗੀ ਵਿੱਚ ਕੰਮਕਾਜ ਕਰਦਿਆਂ ਜਦ ਵੀ ਅੱਖਾਂ ਨੂੰ ਥਕਾਨ ਹੋਵੇ, ਇਹਨਾਂ ਨੂੰ ਅਰਾਮ ਦੇਣਾ ਨਾ ਭੁੱਲਣਾ ਕਿਉਂਕਿ ਆਪਣੀ ਜਿੱਤ ਦੀ ਅਸਲੀ ਖੁਸ਼ੀ ਇਹਨਾਂ ਅੱਖਾਂ ਰਾਹੀਂ ਹੀ ਦੇਖੀ ਜਾਂਦੀ ਹੈ।